SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 193 | Wednesday, October 18, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ

## ਗਾਜ਼ਾ ਦੇ ਹਸਪਤਾਲ ਉੱਤੇ ਕੀਤੇ ਗਏ ਬੰਬ ਧਮਾਕੇ ਦੀ ਟਰੂਡੋ ਨੇ ਕੀਤੀ ਨਿੰਦਾ



ਓਟਵਾ, 17 ਅਕਤੂਬਰ (ਪੋਸਟ ਬਿਊਰੋ) : ਗਾਜ਼ਾ ਸਿਹਤ ਮੰਤਰਾਲੇ ਵੱਲੋਂ ਇਹ ਜਾਣਕਾਰੀ ਦਿੱਤੀ ਗਈ ਹੈ ਕਿ ਗਾਜ਼ਾ ਸਿਟੀ ਦੇ ਹਸਪਤਾਲ ਉੱਤੇ ਕੀਤੇ ਗਏ ਬੰਬ ਧਮਾਕੇ ਵਿੱਚ ਸੈਂਕੜੇ ਲੋਕ ਮਾਰੇ ਗਏ ਹਨ। ਇਸ ਉੱਤੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਮੰਗਲਵਾਰ ਨੂੰ ਗਾਜ਼ਾ ਤੋਂ ਆਈ ਇਹ ਖਬਰ ਦਿਲ ਦਹਿਲਾ ਦੇਣੇ ਵਾਲੀ ਤੇ ਅਸਵੀਕਾਰਯੋਗ ਹੈ।

ਪ੍ਰਸ਼ਨ ਕਾਲ ਵਿੱਚ ਜਾਣ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੂਡੋ ਨੇ ਆਖਿਆ ਕਿ ਇਸ ਤੇ ਹਰੇਕ ਮਾਮਲੇ ਵਿੱਚ ਕੌਮਾਂਤਰੀ ਮਨੁੱਖਤਾਵਾਦੀ ਤੇ ਕੌਮਾਂਤਰੀ ਕਾਨੂੰਨ ਦੀ ਕਦਰ ਕੀਤੀ ਜਾਣੀ ਚਾਹੀਦੀ ਹੈ। ਜੰਗ ਲੜਨ ਦਾ ਵੀ ਸਲੀਕਾ ਹੁੰਦਾ ਹੈ ਤੇ ਇਸ ਤਰ੍ਹਾਂ ਦੀਆਂ ਹਰਕਤਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾ ਆਖਿਆ ਕਿ ਹਸਪਤਾਲ ਨੂੰ ਬੰਬ ਨਾਲ ਉਡਾ ਦੇਣਾ ਗੈਰਕਾਨੂੰਨੀ ਹੈ। ਇਸ ਦੌਰਾਨ ਇਜ਼ਰਾਈਲੀ ਡਿਫੈਂਸ ਫੋਰਸਿਜ਼ (ਆਈਡੀਐਫ) ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਉਨ੍ਹਾ ਨੂੰ ਵੱਖ ਵੱਖ ਖੁਫੀਆ ਸਰੋਤਾਂ ਤੋਂ ਪਤਾ ਲੱਗਿਆ ਹੈ ਕਿ ਇਸਲਾਮਿਕ ਜੇਹਾਦ ਇਸ ਲਈ ਜ਼ਿੰਮੇਵਾਰ ਹੈ ਕਿਉਂਕਿ ਅਸਫਲ ਰਾਕੇਟ ਲਾਂਚ ਤੋਂ ਬਾਅਦ ਰਾਕੇਟ ਸਿੱਧਾ ਗਾਜ਼ਾ ਦੇ ਹਸਪਤਾਲ ਉੱਤੇ ਜਾ ਡਿੱਗਿਆ। ਪਰ ਰਾਈਟਰਜ਼ ਵੱਲੋਂ ਇਸਲਾਮਿਕ ਜੇਹਾਦ ਦੇ ਹਵਾਲੇ ਨਾਲ ਆਖਿਆ ਗਿਆ ਕਿ ਆਈਡੀਐਫ ਦੇ ਇਹ ਦਾਅਵੇ ਝੂਠੇ ਹਨ ਤੇ ਸਾਰੀ ਗੱਲ ਮਨਘੜਤ ਹੈ।

ਇਸ ਦੌਰਾਨ ਗਲੋਬਲ ਅਫੇਅਰਜ਼ ਕੈਨੇਡਾ (ਜੀਏਸੀ) ਦੀ ਅਸਿਸਟੈਂਟ ਡਿਪਟੀ ਮਨਿਸਟਰ ਫੌਰ ਕਾਊਂਸਲਰ, ਸਕਿਊਰਿਟੀ ਐਂਡ ਐਮਰਜੰਸੀ ਮੈਨੇਜਮੈਂਟ ਜੂਲੀ ਸੰਡੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਉਨ੍ਹਾਂ ਦੇ ਵਿਭਾਗ ਵੱਲੋਂ ਗਾਜ਼ਾ ਪੱਟੀ ਤੋਂ ਕੈਨੇਡੀਅਨਜ਼ ਨੂੰ ਬਾਹਰ ਕੱਢਣ ਲਈ ਕੰਮ ਕੀਤਾ ਜਾ ਰਿਹਾ ਹੈ।

## ਸ਼ੌਰਟ ਟਰਮ ਰੈਂਟਲਜ਼ ਨੂੰ ਲਾਂਗ ਟਰਮ ਰੈਂਟਲਜ਼ ਵਿੱਚ ਬਦਲਣ ਲਈ ਬਦਲ ਤਲਾਸ਼ ਰਹੀ ਹੈ ਸਰਕਾਰ : ਫਰੀਲੈਂਡ



ਓਟਵਾ, 17 ਅਕਤੂਬਰ (ਪੋਸਟ ਬਿਊਰੋ) : ਡਿਪਟੀ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਦਾ ਕਹਿਣਾ ਹੈ ਕਿ ਫੈਡਰਲ ਸਰਕਾਰ ਸ਼ੌਰਟ ਟਰਮ ਰੈਂਟਲਜ਼ ਨੂੰ ਲਾਂਗ ਟਰਮ ਰੈਂਟਲਜ਼ ਵਿੱਚ ਬਦਲਣ ਵਿੱਚ ਪ੍ਰੋਵਿੰਸਾਂ ਦੀ ਮਦਦ ਕਰਨ ਲਈ ਬਦਲ ਤਲਾਸ਼ ਰਹੀ ਹੈ।

ਫਰੀਲੈਂਡ ਨੇ ਇਹ ਟਿੱਪਣੀ ਮੰਗਲਵਾਰ ਨੂੰ ਇੰਡਸਟਰੀ ਮੰਤਰੀ ਫਰੈਂਕੋਇਸ ਫਿਲਿਪ ਸ਼ੈਂਪੇਨ ਤੇ ਖਜ਼ਾਨਾ ਬੋਰਡ ਦੀ ਪ੍ਰੈਜ਼ੀਡੈਂਟ ਅਨੀਤਾ ਆਨੰਦ ਨਾਲ ਸਾਂਝੀ ਪ੍ਰੈੱਸ ਕਾਨਫਰੰਸ ਵਿੱਚ ਕੀਤੀ। ਜ਼ਿਕਰਯੋਗ ਹੈ ਕਿ ਬੀਸੀ ਸਰਕਾਰ ਵੱਲੋਂ ਇਸ ਹਫਤੇ ਦੇ ਸ਼ੁਰੂ ਵਿੱਚ ਸ਼ੌਰਟ ਟਰਮ ਰੈਂਟਲ ਮਾਰਕਿਟ ਵਿੱਚ ਤਬਦੀਲੀਆਂ ਕਰਨ ਲਈ ਆਪਣਾ ਕਾਨੂੰਨ ਲਿਆਉਣ ਦਾ ਐਲਾਨ ਕੀਤੇ ਜਾਣ ਤੋਂ ਬਾਅਦ ਫਰੀਲੈਂਡ ਵੱਲੋਂ ਇਹ ਟਿੱਪਣੀ ਆਈ। ਉਨ੍ਹਾਂ ਆਖਿਆ ਕਿ ਇਹ ਪ੍ਰੋਵਿੰਸ਼ੀਅਲ ਪੱਧਰ ਉੱਤੇ ਸਹੀ ਦਿਸ਼ਾ ਵੱਲ ਚੁੱਕਿਆ ਜਾਣ ਵਾਲਾ ਸਹੀ ਕਦਮ ਹੈ।

ਫਰੀਲੈਂਡ ਨੇ ਆਖਿਆ ਕਿ ਅਸੀਂ ਜਾਣਦੇ ਹਾਂ ਕਿ ਏਅਰਬੀਐਨਬੀ ਤੇ ਵਰਬੋ ਵਰਗੀਆਂ ਸਾਈਟਸ ਰਾਹੀਂ ਸ਼ੌਰਟ ਟਰਮ ਰੈਂਟਲ ਘਰ ਦਿੱਤੇ ਜਾਂਦੇ ਹਨ ਪਰ ਇਸ ਤੋਂ ਭਾਵ ਹੈ ਕਿ ਕੈਨੇਡੀਅਨਜ਼ ਕੋਲ ਰੈਂਟ ਕਰਨ ਲਈ ਘੱਟ ਘਰ ਬਚਦੇ ਹਨ ਤੇ ਉਹ ਪੂਰਾ ਸਮਾਂ ਵੀ ਉੱਥੇ ਨਹੀਂ ਰਹਿ ਪਾਂਦੇ, ਖਾਸ ਤੌਰ ਉੱਤੇ ਅਰਬਨ ਤੇ ਦੇਸ਼ ਦੇ ਵੱਧ ਆਬਾਦੀ ਵਾਲੇ ਇਲਾਕਿਆਂ ਵਿੱਚ ਇਹ ਦਿੱਕਤ ਵੇਖੀ ਜਾ ਸਕਦੀ ਹੈ। ਇਸੇ ਲਈ ਸਾਡੀ ਸਰਕਾਰ ਫੈਡਰਲ ਪੱਧਰ ਉੱਤੇ ਇਸ ਬਾਰੇ ਕੀ ਕੀਤਾ ਜਾ ਸਕਦਾ ਹੈ ਇਸ ਦੇ ਸਾਰੇ ਬਦਲ ਤਲਾਸ਼ ਰਹੀ ਹੈ ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਸ਼ੌਰਟ ਟਰਮ ਰੈਂਟਲਜ਼ ਨੂੰ ਲਾਂਗ ਟਰਮ ਰੈਂਟਲਜ਼ ਜਾਂ ਸਥਾਈ ਘਰਾਂ ਵਿੱਚ ਕਿਵੇਂ ਬਦਲਿਆ ਜਾਵੇ ਕਿ ਕੈਨੇਡੀਅਨਜ਼ ਲਈ ਉੱਥੇ ਰਹਿਣਾ ਸੌਖਾ ਹੋਵੇ।

ਫਰੀਲੈਂਡ ਮੁਤਾਬਕ ਜੇ ਸ਼ੌਰਟ ਟਰਮ ਰੈਂਟਲ ਘਰਾਂ ਨੂੰ ਟੋਰਾਂਟੋ, ਮਾਂਟਰੀਅਲ ਤੇ ਵੈਨਕੂਵਰ ਵਿੱਚ ਹੀ ਲਾਂਗ ਟਰਮ ਮਾਰਕਿਟ ਨਾਲ ਜੋੜਿਆ ਜਾਂਦਾ ਹੈ ਤਾਂ 30,000 ਯੂਨਿਟਸ ਖਾਲੀ ਹੋ ਸਕਦੇ ਹਨ। ਇਸ ਨਾਲ ਘਰਾਂ ਦੀ ਘਾਟ ਨੂੰ ਖ਼ਤਮ ਕੀਤਾ ਜਾ ਸਕਦਾ ਹੈ।

## ਬੁੱਧਵਾਰ ਨੂੰ ਇਜ਼ਰਾਈਲ ਦਾ ਦੌਰਾ ਕਰਨਗੇ ਬਾਇਡਨ



ਯੇਰੂਸ਼ਲੇਮ, 17 ਅਕਤੂਬਰ (ਪੋਸਟ ਬਿਊਰੋ) : ਹਮਸ ਤੇ ਇਜ਼ਰਾਈਲ ਵਿੱਚ ਚੱਲ ਰਹੀ ਜੰਗ ਨੂੰ ਖ਼ਤਮ ਕਰਨ ਤੇ ਦੋਵਾਂ ਧਿਰਾਂ ਦਰਮਿਆਨ ਗੱਲਬਾਤ ਵਿੱਚ ਆਈ ਖੜੋਤ ਨੂੰ ਖ਼ਤਮ ਕਰਨ ਲਈ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੇ ਬੁੱਧਵਾਰ ਨੂੰ ਇਜ਼ਰਾਈਲ ਤੇ ਜੌਰਡਨ ਜਾਣ ਦਾ ਫੈਸਲਾ ਕੀਤਾ ਹੈ।

ਹਮਸ ਵੱਲੋਂ ਇਜ਼ਰਾਈਲ ਉੱਤੇ ਹਮਲਾ ਬੋਲੇ ਜਾਣ ਮਗਰੋਂ ਇਜ਼ਰਾਈਲ ਵੱਲੋਂ ਜ਼ਰੂਰੀ ਵਸਤਾਂ ਦੀ ਸਪਲਾਈ ਰੋਕ ਦਿੱਤੇ ਜਾਣ ਤੋਂ ਬਾਅਦ ਗਾਜ਼ਾ ਵਿੱਚ ਜ਼ਿੰਦਗੀ ਬਿਲਕੁਲ ਢਹਿ ਢੇਰੀ ਹੋ ਗਈ ਹੈ। ਰਾਹਤ ਕਾਰਜਾਂ ਵਿੱਚ ਜੁਟੇ ਵਰਕਰਜ਼ ਦਾ ਵੀ ਕਹਿਣਾ ਹੈ ਕਿ ਉੱਥੇ ਬਹੁਤ ਮਾੜਾ ਹਾਲ ਹੋ ਗਿਆ ਹੈ। ਗਾਜ਼ਾ ਦੇ ਸਿਹਤ ਮੰਤਰੀ ਦਾ ਕਹਿਣਾ ਹੈ ਕਿ ਹੁਣ ਤੱਕ 2,778 ਫਲਸਤੀਨੀ ਮਾਰੇ ਜਾ ਚੁੱਕੇ ਹਨ ਤੇ 9,700 ਜ਼ਖ਼ਮੀ ਹੋ ਚੁੱਕੇ ਹਨ। ਇਜ਼ਰਾਈਲ ਮੁਤਾਬਕ 1400 ਤੋਂ ਵੀ ਵੱਧ ਇਜ਼ਰਾਈਲੀ ਮਾਰੇ ਜਾ ਚੁੱਕੇ ਹਨ ਤੇ 199 ਹੋਰ, ਜਿਨ੍ਹਾਂ ਵਿੱਚ ਬੱਚੇ ਵੀ ਸਨ, ਨੂੰ ਹਮਸ ਵੱਲੋਂ ਬੰਦੀ ਬਣਾ ਲਿਆ ਗਿਆ।

ਅਮਰੀਕਾ ਦੇ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਨੇ ਐਲਾਨ ਕੀਤਾ ਕਿ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਬੁੱਧਵਾਰ ਨੂੰ ਇਜ਼ਰਾਈਲ ਦਾ ਦੌਰਾ ਕਰਨਗੇ। ਇਸ ਸਮੇਂ ਗਾਜ਼ਾ ਵਿੱਚ ਪੀਣ ਵਾਲੇ ਪਾਣੀ ਦੀ ਘਾਟ ਹੈ, ਇਸ ਨਾਲ ਰਾਹਤ ਕਾਰਜਾਂ ਵਿੱਚ ਲੱਗੇ ਲੋਕਾਂ ਦਾ ਕਹਿਣਾ ਹੈ ਕਿ ਇੱਥੇ ਗੰਧਲਾ ਪੀਣ ਵਾਲਾ ਪਾਣੀ ਪੀਣ ਕਾਰਨ ਕੋਈ ਬਿਮਾਰੀ ਫੈਲਣ ਦਾ ਡਰ ਵੀ ਪੈਦਾ ਹੋ ਗਿਆ ਹੈ। ਹਸਪਤਾਲਾਂ ਦਾ ਵੀ ਮਾੜਾ ਹਾਲ ਹੈ ਉੱਥੇ ਦਵਾਈਆਂ ਖਤਰਨਾਕ ਪੱਧਰ ਤੱਕ ਖ਼ਤਮ ਹੋ ਚੁੱਕੀਆਂ ਹਨ।

ਇਜ਼ਰਾਈਲ ਦੇ ਆਗੂਆਂ ਨਾਲ ਮੁਲਾਕਾਤ ਕਰਨ ਤੋਂ ਬਾਅਦ ਬਾਇਡਨ ਜੌਰਡਨ ਵਿੱਚ ਅਰਬੀ ਆਗੂਆਂ ਨਾਲ ਮਿਲਣ ਜਾਣਗੇ। ਇਹ ਖੁਲਾਸਾ ਵ੍ਹਾਈਟ ਹਾਊਸ ਨੈਸ਼ਨਲ ਸਕਿਊਰਿਟੀ ਕਾਊਂਸਲ ਦੇ ਬੁਲਾਰੇ ਜੌਹਨ ਕਰਬੀ ਨੇ ਕੀਤਾ।

## ਵਿਸ਼ਵ ਕੱਪ 2023: ਨੀਦਰਲੈਂਡ ਨੇ ਦੱਖਣੀ ਅਫਰੀਕਾ ਨੂੰ ਹਰਾ ਕੇ ਕੀਤਾ ਵੱਡਾ ਉਲਟਫੇਰ, ਦੱਖਣੀ ਅਫ਼ਰੀਕਾ ਨੂੰ 38 ਦੌੜਾਂ ਨਾਲ ਹਰਾਇਆ



ਨਵੀਂ ਦਿੱਲੀ, 17 ਅਕਤੂਬਰ (ਪੋਸਟ ਬਿਊਰੋ): ਇੱਕ ਦਿਨਾ ਵਿਸ਼ਵ ਕੱਪ 2023 ਬਹੁਤ ਹੀ ਸ਼ਾਨਦਾਰ ਅੰਦਾਜ਼ ਵਿੱਚ ਖੇਡਿਆ ਜਾ ਰਿਹਾ ਹੈ। ਵਿਸ਼ਵ ਕੱਪ 2023 ਵਿੱਚ ਵੱਡੇ ਉਲਟਫੇਰ ਹੋ ਰਹੇ ਹਨ। ਅਫਗਾਨਿਸਤਾਨ ਨੇ ਇੰਗਲੈਂਡ ਨੂੰ 69 ਦੌੜਾਂ ਨਾਲ ਹਰਾ ਕੇ ਸਨਸਨੀ ਮਚਾ ਦਿੱਤੀ ਹੈ। ਅੱਜ ਨੀਦਰਲੈਂਡ ਦੀ ਟੀਮ ਨੇ ਦੱਖਣੀ ਅਫ਼ਰੀਕਾ ਨੂੰ 38 ਦੌੜਾਂ ਨਾਲ ਹਰਾ ਕੇ ਹੰਗਾਮਾ ਕਰ ਦਿੱਤਾ ਹੈ। ਵਨਡੇ ਕ੍ਰਿਕਟ ਦੇ ਇਤਿਹਾਸ ਵਿੱਚ ਦੱਖਣੀ ਅਫਰੀਕਾ ਖਿਲਾਫ ਨੀਦਰਲੈਂਡ ਦੀ ਇਹ ਪਹਿਲੀ ਜਿੱਤ ਹੈ। ਇਸ ਦੇ ਨਾਲ ਹੀ ਨੀਦਰਲੈਂਡ ਨੇ ਪਹਿਲੀ ਵਾਰ 50 ਓਵਰਾਂ ਦੇ ਵਿਸ਼ਵ ਕੱਪ ਵਿੱਚ ਟੈਸਟ ਖੇਡਣ ਵਾਲੇ ਦੇਸ਼ ਨੂੰ ਹਰਾਇਆ ਹੈ। ਟੇਂਬਾ ਬਾਵੁਮਾ ਅਤੇ ਕਵਿੰਟਨ ਡੀ ਕਾਕ ਨੇ ਦੱਖਣੀ ਅਫਰੀਕਾ ਲਈ ਚੰਗੀ ਸ਼ੁਰੂਆਤ ਕੀਤੀ, ਪਰ ਉਹ ਚੰਗੀ ਸ਼ੁਰੂਆਤ ਨੂੰ ਵੱਡੀ ਪਾਰੀ ਵਿੱਚ ਨਹੀਂ ਬਦਲ ਸਕੇ ਅਤੇ ਜਲਦੀ ਆਊਟ ਹੋ ਗਏ। ਬਾਵੁਮਾ ਨੇ 16 ਅਤੇ ਡੀ ਕਾਕ ਨੇ 20 ਦੌੜਾਂ ਬਣਾਈਆਂ। ਰੋਸੀ ਵੈਨ ਡੂਸ ਨੇ 4 ਦੌੜਾਂ, ਏਡਨ ਮਾਰਕਰਮ ਨੇ 28 ਦੌੜਾਂ ਬਣਾਈਆਂ। ਡੇਵਿਡ ਮਿਲਰ ਨੇ ਯਕੀਨੀ ਤੌਰ 'ਤੇ ਕੁਝ ਦੇਰ ਵਿਕਟ 'ਤੇ ਬਣੇ ਰਹਿਣ ਦੀ ਕੋਸ਼ਿਸ਼ ਕੀਤੀ ਪਰ ਉਹ 43 ਦੌੜਾਂ ਬਣਾ ਕੇ ਆਊਟ ਹੋ ਗਏ ਅਤੇ ਟੀਮ ਨੂੰ ਜਿੱਤ ਵੱਲ ਨਹੀਂ ਲਿਜਾਅ ਸਕੇ। ਦੱਖਣੀ ਅਫਰੀਕਾ ਦੀ ਪੂਰੀ ਟੀਮ 207 ਦੌੜਾਂ 'ਤੇ ਆਲ ਆਊਟ ਹੋ ਗਈ। ਨੀਦਰਲੈਂਡ ਲਈ ਪਾਲ ਵੈਨ ਮੀਕਰੇਨ, ਰਿਲੋਫ ਮਰਵ ਅਤੇ ਬਾਸ ਡੀ ਲੀਡੇ ਨੇ 2-2 ਵਿਕਟਾਂ ਲਈਆਂ। ਟੀਮ ਲਈ ਲੋਗਨ ਵਾਨ ਵਿਕ ਨੇ ਸਭ ਤੋਂ ਵੱਧ 3 ਵਿਕਟਾਂ ਲਈਆਂ। ਇਨ੍ਹਾਂ ਖਿਡਾਰੀਆਂ ਦੀ ਬਦੌਲਤ ਹੀ ਨੀਦਰਲੈਂਡ ਦੀ ਟੀਮ ਮੈਚ ਜਿੱਤਣ ਵਿਚ ਸਫਲ ਰਹੀ।

## ਗੋਲੀ ਲੱਗਣ ਕਾਰਨ ਇੱਕ ਜ਼ਖ਼ਮੀ




ਇਟਬੀਕੋ, 17 ਅਕਤੂਬਰ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਇਟੋਬੀਕੋ ਵਿੱਚ ਇੱਕ ਵਿਅਕਤੀ ਨੂੰ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਰਾਤੀਂ 10:19 ਦੇ ਨੇੜੇ ਤੇੜੇ ਪੁਲਿਸ ਨੂੰ ਮਾਰਟਿਨ ਗਰੋਵ ਰੋਡ ਨੇੜੇ ਫਿੰਚ ਐਵਨਿਊ ਵੈਸਟ ਤੇ ਕੈਂਡਲਟਨ ਡਰਾਈਵ ਏਰੀਆ ਵਿੱਚ ਗੋਲੀਆਂ ਚੱਲਣ ਦੀਆਂ ਰਿਪੋਰਟਾਂ ਦੇ ਕੇ ਸੱਦਿਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਵਿਅਕਤੀ, ਜੋ ਕਿ ਆਪਣੇ 30ਵਿਆਂ ਵਿੱਚ ਸੀ, ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਜ਼ਖ਼ਮੀ ਵਿਅਕਤੀ ਦੀ ਹਾਲਤ ਕਿਹੋ ਜਿਹੀ ਹੈ ਇਸ ਬਾਰੇ ਅਜੇ ਸਥਿਤੀ ਸਪਸ਼ਟ ਨਹੀਂ ਹੋ ਸਕੀ ਹੈ। ਇਸ ਮਾਮਲੇ ਦੀ ਜਾਣਕਾਰੀ ਰੱਖਣ ਵਾਲੇ ਵਿਅਕਤੀ ਨੂੰ ਪੁਲਿਸ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI 416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਡਾਕਾ ਮਾਰਨ ਦੇ ਦੋਸ਼ ਵਿੱਚ 4 ਟੀਨੇਜਰ ਗ੍ਰਿਫਤਾਰ




ਬਰੈਂਪਟਨ, 17 ਅਕਤੂਬਰ (ਪੋਸਟ ਬਿਊਰੋ) : ਬਰੈਂਪਟਨ ਵਿੱਚ ਘਰਾਂ ਵਿੱਚ ਚੋਰੀਆਂ ਕਰਨ ਤੇ ਡਾਕੇ ਮਾਰਨ ਦੀ ਕੋਸ਼ਿਸ਼ ਕਰਨ ਵਾਲੇ ਚਾਰ ਟੀਨੇਜਰਜ਼ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ।

ਪੀਲ ਰੀਜਨਲ ਪੁਲਿਸ ਨੇ 10 ਅਕਤੂਬਰ ਨੂੰ ਦੱਸਿਆ ਸੀ ਕਿ ਚਾਰ ਮਸ਼ਕੂਕਾਂ ਵੱਲੋਂ ਵਿਲੀਅਮਜ਼ ਪਾਰਕਵੇਅ ਤੇ ਕ੍ਰੈਡਿਟਵਿਊ ਰੋਡ ਨੇੜੇ ਇੱਕ ਘਰ ਵਿੱਚ ਚੋਰੀਓਂ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਜਦੋਂ ਇਹ ਮਸ਼ਕੂਕ ਘਰ ਦੇ ਅੰਦਰ ਹੀ ਸਨ ਤਾਂ ਉਨ੍ਹਾਂ ਦਾ ਸਾਹਮਣਾ ਘਰ ਦੇ ਮਾਲਕ ਨਾਲ ਹੋ ਗਿਆ। ਇਨ੍ਹਾਂ ਮਸ਼ਕੂਕਾਂ ਨੇ ਡਰਾਈਵਵੇਅ ਵਿੱਚ ਪਾਰਕ ਕੀਤੀ ਗੱਡੀ ਦੀਆਂ ਚਾਬੀਆਂ ਉਸ ਕੋਲੋਂ ਮੰਗੀਆਂ। ਪੁਲਿਸ ਨੇ ਦੱਸਿਆ ਕਿ ਇਨ੍ਹਾਂ ਮਸ਼ਕੂਕਾਂ ਨੇ ਉਸ ਸ਼ਖ਼ਸ ਉੱਤੇ ਕੋਈ ਚੀਜ਼ ਸਪਰੇਅ ਕਰ ਦਿੱਤੀ ਤੇ ਡਰਾਈਵਵੇਅ ਵਿੱਚ ਖੜ੍ਹੀ ਕਾਰ ਲੈ ਕੇ ਉੱਥੋਂ ਫਰਾਰ ਹੋ ਗਏ। ਘਰ ਦੇ ਮਾਲਕ ਨੂੰ ਇਸ ਮਾਮਲੇ ਵਿੱਚ ਥੋੜ੍ਹੀ ਸੱਟ ਲੱਗੀ ਦੱਸੀ ਜਾਂਦੀ ਹੈ।

ਇਹ ਮਸ਼ਕੂਕ ਹੀ 12 ਅਕਤੂਬਰ ਨੂੰ ਇੱਕ ਹੋਰ ਘਰ ਵਿੱਚ ਦਾਖਲ ਹੋਏ ਤੇ ਘਰ ਦੇ ਮਾਲਕ ਨਾਲ ਟਾਕਰਾ ਹੋਣ ਉੱਤੇ ਇਨ੍ਹਾਂ ਗੱਡੀ ਦੀਆਂ ਚਾਬੀਆਂ ਮੰਗੀਆਂ। ਪਰ ਆਪਣੀ ਕੋਸ਼ਿਸ਼ ਵਿੱਚ ਅਸਫਲ ਰਹਿਣ ਤੋਂ ਬਾਅਦ ਇਹ ਮਸ਼ਕੂਕ ਗੱਡੀ ਵੱਲ ਭੱਜ ਗਏ ਤੇ ਬਾਅਦ ਵਿੱਚ ਪੁਲਿਸ ਨੇ ਦੱਸਿਆ ਕਿ ਘਰ ਦੇ ਬਾਹਰ ਖੜ੍ਹੀ ਗੱਡੀ ਇਨ੍ਹਾਂ ਮਸ਼ਕੂਕਾਂ ਵੱਲੋਂ ਚੋਰੀ ਕਰ ਲਈ ਗਈ। ਜਾਂਚਕਾਰਾਂ ਨੇ ਮਸ਼ਕੂਕਾਂ ਨੂੰ ਮਿਸੀਸਾਗਾ ਵਿੱਚ ਬ੍ਰੈਂਡਨ ਗੇਟ ਡਰਾਈਵ ਤੇ ਕੀਨਨ ਕ੍ਰੀਸੈਂਟ ਏਰੀਆ ਤੋਂ ਹਿਰਾਸਤ ਵਿੱਚ ਲੈ ਲਿਆ। ਇਨ੍ਹਾਂ ਮਸ਼ਕੂਕਾਂ ਕੋਲੋਂ ਮੈਟਲ ਪਾਈਪ ਤੇ ਕੈਪਸੇਸਿਨ ਅਧਾਰਤ ਸਪਰੇਅ (ਮਿਰਚਾਂ ਵਿੱਚ ਪਾਇਆ ਜਾਣ ਵਾਲਾ ਪਦਾਰਥ) ਦੇ ਦੋ ਕੈਨ ਵੀ ਬਰਾਮਦ ਹੋਏ।

ਪੁਲਿਸ ਨੇ ਤਿੰਨ 17 ਸਾਲਾ ਲੜਕਿਆਂ ਤੇ ਇੱਕ 16 ਸਾਲਾ ਲੜਕੇ ਨੂੰ ਗ੍ਰਿਫਤਾਰ ਕੀਤਾ ਹੈ। ਹਰੇਕ ਟੀਨੇਜਰ ਨੂੰ ਡਾਕੇ ਦੇ ਦੋ ਮਾਮਲਿਆਂ, ਭੇਸ ਬਦਲਣ ਦੇ ਦੋ ਮਾਮਲਿਆਂ ਤੇ ਚੋਰੀ ਦੀ ਸੰਪਤੀ ਰੱਖਣ ਦੇ ਮਾਮਲਿਆਂ ਵਿੱਚ ਚਾਰਜ ਕੀਤਾ ਗਿਆ ਹੈ। ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਕਾਰਜੈਕਿੰਗ ਦੇ ਵੱਧ ਰਹੇ ਮਾਮਲਿਆਂ ਕਾਰਨ ਲੋਕਲ ਪੁਲਿਸ ਵੱਲੋਂ ਪ੍ਰੋਵਿੰਸ਼ੀਅਲ ਕਾਰਜੈਕਿੰਗ ਜੁਆਇੰਟ ਟਾਸਕ ਫੋਰਸ ਵੀ ਬਣਾਈ ਗਈ ਹੈ।

# ਆਸਟ੍ਰੇਲੀਆ ਵਿਚ ਨਵਾਂਸ਼ਹਿਰ ਦੇ ਵਿਅਕਤੀ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ

ਨਵਾਂਸ਼ਹਿਰ, 17 ਅਕਤੂਬਰ (ਪੋਸਟ ਬਿਊਰੋ): ਨਵਾਂਸ਼ਹਿਰ ਦੇ ਵਿਅਕਤੀ ਦੀ ਆਸਟ੍ਰੇਲੀਆ ਵਿਚ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਕੰਮ ਤੋਂ ਵਾਪਿਸ ਆ ਕੇ ਜਿਉਂ ਹੀ ਉਹ ਆਪਣੀ ਕਾਰ ਤੋਂ ਹੇਠਾਂ ਉਤਰਿਆ ਤਾਂ ਉਹ ਉੱਥੇ ਹੀ ਡਿੱਗ ਗਿਆ। ਮ੍ਰਿਤਕ ਆਪਣੀ ਪਤਨੀ ਨਾਲ ਆਪਣੇ ਪੁੱਤਰਾਂ ਨੂੰ ਮਿਲਣ ਸਿਡਨੀ ਗਿਆ ਸੀ। ਪਰਿਵਾਰਕ ਮੈਂਬਰ ਉਸ ਦੇ ਜੱਦੀ ਪਿੰਡ ਮੁਕੰਦਪੁਰ ਵਿਚ ਅੰਤਿਮ ਸਸਕਾਰ ਕਰਨਾ ਚਾਹੁੰਦੇ ਸਨ ਪਰ ਆਸਟ੍ਰੇਲੀਆ ਵਿਚ ਕਾਗਜ਼ੀ ਕਾਰਵਾਈ ਹੋਣ ਕਾਰਣ ਉੱਥੇ ਹੀ ਅੰਤਿਮ ਸਸਕਾਰ ਕੀਤਾ ਜਾ ਰਿਹਾ ਹੈ।



ਮੁਕੰਦਪੁਰ ਦੇ ਰਹਿਣ ਵਾਲੇ ਜਰਨੈਲ ਸਿੰਘ ਥਾਂਦੀ ਨੇ ਦੱਸਿਆ ਕਿ ਉਸ ਦਾ ਭਰਾ ਮਨਜੀਤ ਸਿੰਘ ਥਾਂਦੀ (56) ਰੱਖੜੀ ਵਾਲੇ ਦਿਨ 30 ਅਗਸਤ ਨੂੰ ਆਸਟ੍ਰੇਲੀਆ ਗਿਆ ਸੀ। ਉਹ ਖੁਦ ਉਨ੍ਹਾਂ ਨੂੰ ਏਅਰਪੋਰਟ 'ਤੇ ਛੱਡਣ ਗਿਆ ਸੀ। ਇਸ ਤੋਂ ਬਾਅਦ ਮਹਿਰਦੀਨ 10 ਦਿਨ ਪਹਿਲਾਂ ਸਿਡਨੀ ਵਿਚ ਕੰਮ 'ਤੇ ਜਾਣ ਲੱਗਾ। ਕੱਲ੍ਹ ਉਹ ਆਪਣੀ ਕਾਰ ਵਿਚ ਕੰਮ ਤੋਂ ਘਰ ਪਰਤਿਆ ਸੀ। ਉਸ ਨੇ ਕਾਰ ਪਾਰਕਿੰਗ ਵਿੱਚ ਖੜ੍ਹੀ ਕਰ ਦਿੱਤੀ। ਇਸ ਤੋਂ ਹੇਠਾਂ ਉਤਰਦੇ ਹੀ ਉਨ੍ਹਾਂ ਨੂੰ ਦਿਲ ਦਾ ਦੌਰਾ ਪੈ ਗਿਆ। ਜਿਸ ਕਾਰਨ ਉਸ ਦੀ ਉੱਥੇ ਮੌਤ ਹੋ ਗਈ।

ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕਾਗਜ਼ੀ ਕੰਮ ਕਾਰਨ ਉਹ ਮਨਜੀਤ ਦੀ ਲਾਸ਼ ਨੂੰ ਪਿੰਡ ਨਹੀਂ ਲਿਆ ਸਕੇ। ਉਨ੍ਹਾਂ ਆਸਟ੍ਰੇਲੀਅਨ ਸਰਕਾਰ ਤੋਂ ਮੰਗ ਕੀਤੀ ਕਿ ਕੁਦਰਤੀ ਮੌਤ ਦੇ ਮਾਮਲੇ ਵਿੱਚ ਪੇਪਰ ਵਰਕ ਨੂੰ ਸਰਲ ਬਣਾਇਆ ਜਾਵੇ।

## ਅੱਜ ਨਾਮਾ

ਅਮਰੀਕੀ ਧੜੇ ਦੇ ਮੁਲਕਾਂ ਦੇ ਕੁੱਲ ਆਗੂ,
ਦੌੜਦੇ ਜਾਣ ਇਸਰਾਈਲ ਦੇ ਵੱਲ ਮੀਆਂ।
ਤੁਰ ਪਏ ਸੁਣੀਂਦੇ ਰੂਸ ਅਰ ਚੀਨ ਓਧਰ,
ਕਹੀ ਬੱਸ ਠੋਕਵੀਂ ਉਨ੍ਹਾਂ ਨੇ ਗੱਲ ਮੀਆਂ।
ਜੰਗ ਗਾਜ਼ਾ-ਇਸਰਾਈਲ ਦੀ ਹੋਈ ਜਾਂਦੀ,
ਪਬਲਿਕ ਦੋਵੇਂ ਥਾਂ ਰਹੀ ਸਭ ਝੱਲ ਮੀਆਂ।
ਵੱਡੀਆਂ ਧਿਰਾਂ ਖੜੋਈਆਂ ਹਨ ਦੋ ਤਰਫੀਂ,
ਕੁਝ ਨਾ ਲੱਭਣ ਪੰਚਾਇਤੀਏ ਹੱਲ ਮੀਆਂ।
ਵਧਦੀ ਜਾਂਦੀ ਇਹ ਜੰਗ ਹੈ ਨਿੱਤ ਲੱਗਦੀ,
ਚਿੰਤਾ ਲੋਕਾਂ ਨੂੰ ਜਾਂਦੀ ਪਈ ਖਾਈ ਮੀਆਂ।
ਲੱਗ ਜਾਏ ਲਾਮ ਨਾ ਤੀਸਰੀ ਫੇਰ ਕਿਧਰੇ,
ਸੋਚਦੇ ਸਿਰਾਂ ਨੂੰ ਚਿਤਵਣੀ ਲਾਈ ਮੀਆਂ।

**ਤੀਸ ਮਾਰ ਖਾਂ**

# ਪਾਕਿਸਤਾਨ ਨੇ ਕੀਤੀ ਜੰਗਬੰਦੀ ਦੀ ਉਲੰਘਣਾ, ਗੋਲੀਬਾਰੀ ਵਿਚ ਬੀ.ਐੱਸ.ਐੱਫ. ਦੇ ਦੋ ਜਵਾਨ ਜ਼ਖ਼ਮੀ

ਸ੍ਰੀਨਗਰ, 17 ਅਕਤੂਬਰ (ਪੋਸਟ ਬਿਊਰੋ): ਗੁਆਂਢੀ ਦੇਸ਼ ਪਾਕਿਸਤਾਨ ਭਾਰਤ ਨੂੰ ਭੜਕਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਮੰਗਲਵਾਰ ਰਾਤ ਪਾਕਿਸਤਾਨ ਨੇ ਜੰਮੂ ਸਥਿਤ ਆਰ.ਐੱਸ.ਪੁਰਾ ਦੀ ਅੰਤਰਰਾਸ਼ਟਰੀ ਸਰਹੱਦ 'ਤੇ ਜੰਗਬੰਦੀ ਦੀ ਉਲੰਘਣਾ ਕੀਤੀ। ਜਾਣਕਾਰੀ ਅਨੁਸਾਰ ਪਾਕਿਸਤਾਨ ਵਲੋਂ ਕੀਤੀ ਗਈ ਅਚਾਨਕ ਗੋਲੀਬਾਰੀ ਵਿੱਚ ਸੀਮਾ ਸੁਰੱਖਿਆ ਬਲ (ਬੀ.ਐੱਸ.ਐੱਫ.) ਦੇ ਦੋ ਜਵਾਨ ਜ਼ਖ਼ਮੀ ਹੋ ਗਏ ਹਨ। ਪਾਕਿਸਤਾਨ ਨੇ ਮੰਗਲਵਾਰ ਰਾਤ 10:20 ਵਜੇ ਜੰਗਬੰਦੀ ਦੀ ਉਲੰਘਣਾ ਕੀਤੀ ਅਤੇ ਭਾਰਤੀ ਜਵਾਨਾਂ 'ਤੇ ਗੋਲੀਬਾਰੀ ਕੀਤੀ। ਇਸ ਗੋਲੀਬਾਰੀ



ਵਿੱਚ ਬੀ.ਐੱਸ.ਐੱਫ. ਦੇ ਦੋ ਜਵਾਨ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਭੇਜਿਆ ਗਿਆ। ਇਸ ਘਟਨਾ ਤੋਂ ਬਾਅਦ ਭਾਰਤੀ ਜਵਾਨਾਂ ਨੇ ਵੀ ਜਵਾਬੀ ਕਾਰਵਾਈ ਸ਼ੁਰੂ ਕਰ ਦਿੱਤੀ। ਭਾਰਤੀ ਜਵਾਨਾਂ ਨੇ ਪਾਕਿਸਤਾਨੀ ਚੌਕੀਆਂ ਇਕਬਾਲ ਅਤੇ ਖਨੌਰ ਵੱਲ ਗੋਲੀਬਾਰੀ ਕੀਤੀ ਹੈ।

ਗੋਲੀਬੰਦੀ ਦੀ ਉਲੰਘਣਾ ਦੀ ਇਹ ਘਟਨਾ ਅੰਤਰਰਾਸ਼ਟਰੀ ਸਰਹੱਦ ਦੇ ਵਿਕਰਮ ਬੀ.ਓ.ਪੀ. ਨੇੜੇ ਵਾਪਰੀ। ਸੀਮਾ ਸੁਰੱਖਿਆ ਬਲ ਦੇ ਦੋ ਜਵਾਨ ਬਿਜਲੀ ਦੀਆਂ ਲਾਈਟਾਂ ਦਾ ਕੰਮ ਕਰਵਾ ਰਹੇ ਸਨ। ਇਹ ਇਲਾਕਾ ਸਰਹੱਦ ਤੋਂ ਕਰੀਬ 60 ਮੀਟਰ ਅਤੇ ਸਰਹੱਦੀ ਚੌਕੀ ਵਿਕਰਮ ਤੋਂ ਕਰੀਬ 1500 ਮੀਟਰ ਦੂਰ ਸੀ। ਇਸ ਦੌਰਾਨ ਪਾਕਿਸਤਾਨ ਵਾਲੇ ਪਾਸੇ ਤੋਂ ਗੋਲੀਬਾਰੀ ਸ਼ੁਰੂ ਹੋ ਗਈ, ਜਿਸ ਵਿਚ ਜਵਾਨ ਜ਼ਖਮੀ ਹੋ ਗਏ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਹਜ਼ਾਰਾਂ ਨੌਜਵਾਨਾਂ ਨੇ ਖ਼ੂਨ ਦਾਨ ਕਰਕੇ ਮਨਾਇਆ ਮੁੱਖ ਮੰਤਰੀ ਦਾ ਜਨਮ ਦਿਨ, ਭਗਵੰਤ ਸਿੰਘ ਮਾਨ ਨੇ ਖ਼ੂਨਦਾਨ ਨੂੰ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਦੱਸਿਆ

* ਮੁੱਖ ਮੰਤਰੀ ਨੇ ਆਪਣੇ ਜੱਦੀ ਪਿੰਡ ਵਿੱਚ ਲੋਕਾਂ ਨਾਲ ਮੁਲਾਕਾਤ ਕਰਕੇ ਬਿਤਾਇਆ ਪੂਰਾ ਦਿਨ *ਪੰਜਾਬ ਵਿਧਾਨ ਸਭਾ ਦਾ ਅਗਾਮੀ ਸੈਸ਼ਨ ਕਾਨੂੰਨੀ ਤੌਰ ਉਤੇ ਪੂਰੀ ਤਰ੍ਹਾਂ ਜਾਇਜ਼

### ਇਕ ਨਵੰਬਰ ਦੀ ਪ੍ਰਸਤਾਵਿਤ ਬਹਿਸ ਤੋਂ ਭੱਜਣ ਲਈ ਵਿਰੋਧੀ ਨੇਤਾਵਾਂ ਦੀ ਸਖ਼ਤ ਆਲੋਚਨਾ

ਚੰਡੀਗੜ੍ਹ, 17 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਪਣੇ ਜੱਦੀ ਪਿੰਡ ਵਿੱਚ ਜਨਮ ਦਿਨ ਮਨਾਇਆ ਅਤੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਖ਼ੂਨ ਦਾਨ ਕਰਕੇ ਸ਼ਿਰਕਤ ਕੀਤੀ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਖ਼ੂਨ ਦਾਨ ਨੂੰ ਸਭ ਤੋਂ ਵੱਡੀ ਸੇਵਾ ਦੱਸਦਿਆਂ ਕਿਹਾ ਕਿ ਇਸ ਉਪਰਾਲੇ ਨਾਲ ਹਰੇਕ ਵਿਅਕਤੀ ਆਪਣਾ ਯੋਗਦਾਨ ਪਾ ਸਕਦਾ ਹੈ ਜਿਸ ਨਾਲ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੇ ਹਰੇਕ ਖੇਤਰ ਵਿੱਚ ਸ਼ਾਨਦਾਰ ਕੰਮ ਕੀਤਾ ਹੈ ਜਿਸ ਕਰਕੇ ਖ਼ੂਨ ਦਾਨ ਕਰਨ ਵਿੱਚ ਵੀ ਨੌਜਵਾਨਾਂ ਦੇ ਪਿੱਛੇ ਰਹਿ ਜਾਣ ਦੀ ਕੋਈ ਵਜ੍ਹਾ ਨਹੀਂ ਬਣਦੀ। ਉਨ੍ਹਾਂ ਕਿਹਾ ਕਿ ਖ਼ੂਨ ਦਾਨ ਕਰਨਾ ਮਨੁੱਖਤਾ ਦੀ ਸੱਚੀ ਸੇਵਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਖ਼ੁਸ਼ੀ ਦੀ ਗੱਲ ਹੈ ਕਿ ਅੱਜ ਵੱਡੀ ਗਿਣਤੀ ਵਿੱਚ ਨੌਜਵਾਨ ਖ਼ੂਨ ਦਾਨ ਕਰਨ ਲਈ ਅੱਗੇ ਆਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਹਰੇਕ ਨੌਜਵਾਨ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਹਰ ਖ਼ੂਨ ਦਾਨੀ ਇਕ ਨਾਇਕ ਹੈ ਜਿਸ ਕਰਕੇ ਉਨ੍ਹਾਂ ਨੂੰ ਸਮੇਂ-ਸਮੇਂ ਬਾਅਦ ਖ਼ੂਨ ਦਾਨ ਕਰਨਾ ਚਾਹੀਦਾ ਹੈ। ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਆਪਣੇ ਸਾਥੀਆਂ ਨੂੰ ਸਮੇਂ-ਸਮੇਂ ਸਿਰ ਸਵੈ-ਇੱਛਾ ਨਾਲ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਆਮ ਇਲਾਜ ਖਾਸ ਕਰਕੇ ਐਮਰਜੈਂਸੀ ਇਲਾਜ ਲਈ ਖ਼ੂਨ ਦੇ ਲੋੜੀਂਦੇ ਭੰਡਾਰ ਨੂੰ ਯਕੀਨੀ ਬਣਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਕਿਸੇ ਵਿਅਕਤੀ ਵੱਲੋਂ ਦਾਨ ਕੀਤੀ ਗਈ ਖ਼ੂਨ ਦੀ ਇਕ ਬੂੰਦ ਵੀ ਕਿਸੇ ਮਨੁੱਖ ਦੀ ਜਾਨ ਬਚਾ ਸਕਦੀ ਹੈ, ਜਿਸ ਕਰਕੇ ਖ਼ੂਨ ਦਾਨ ਕਰਨਾ ਬਹੁਤ ਮਹੱਤਤਾ ਰੱਖਦਾ ਹੈ।



ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦਾ ਆਗਾਮੀ ਇਜਲਾਸ ਕਾਨੂੰਨੀ ਤੌਰ ਉਤੇ ਪੂਰੀ ਤਰ੍ਹਾਂ ਜਾਇਜ਼ ਹੈ। ਉਨ੍ਹਾਂ ਕਿਹਾ ਕਿ 20 ਤੇ 21 ਅਕਤੂਬਰ ਨੂੰ ਹੋਣ ਵਾਲਾ ਇਜਲਾਸ ਕਾਨੂੰਨੀ ਮਾਹਿਰਾਂ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਅਤੇ ਭਾਰਤ ਦੇ ਸੰਵਿਧਾਨ ਦੇ ਅਨੁਸਾਰ ਹੀ ਸੱਦਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਦੋ ਦਿਨਾਂ ਇਜਲਾਸ ਦੌਰਾਨ ਕਈ ਲੋਕ ਪੱਖੀ ਬਿੱਲ ਪੇਸ਼ ਕੀਤੇ ਜਾਣਗੇ ਜੋ ਸੂਬੇ ਲਈ ਬਹੁਤ ਮਹੱਤਵਪੂਰਨ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਧਾਨ ਸਭਾ ਜਮਹੂਰੀ ਢੰਗ ਨਾਲ ਚੁਣੀ ਹੋਈ ਸੰਸਥਾ ਹੈ ਜੋ ਸਿਰਫ ਸੂਬੇ ਦੇ ਲੋਕਾਂ ਨੂੰ ਜਵਾਬਦੇਹ ਹੈ ਨਾ ਕਿ ਕਿਸੇ ਵਿਅਕਤੀ ਦੀ ਮਨਮਰਜ਼ੀ ਅਨੁਸਾਰ ਚੱਲਣੀ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਪਹਿਲਾਂ ਹੀ ਕਈ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ ਕਈ ਅਗਾਂਹਵਧੂ ਕਿਸਾਨਾਂ ਨੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੀ ਮਿਸਾਲ ਕਾਇਮ ਕੀਤੀ ਹੈ ਅਤੇ ਦੂਜੇ ਪਾਸੇ ਸੂਬਾ ਸਰਕਾਰ ਨੇ ਪੰਜਾਬ ਵਿੱਚ ਚੱਲ ਰਹੇ ਲਗਭਗ 2500 ਭੱਠਿਆਂ ਵਿੱਚ ਬਾਲਣ ਵਜੋਂ 20 ਫੀਸਦੀ ਕੋਲੇ ਨੂੰ ਝੋਨੇ ਦੀ ਪਰਾਲੀ ਦੀਆਂ ਗੱਟੀਆਂ ਨਾਲ ਬਦਲਣ ਨੂੰ ਨੋਟੀਫਾਈ ਕੀਤਾ ਹੈ। ਇਸੇ ਤਰ੍ਹਾਂ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਪਿਛਲੇ ਸਾਲ ਦੇ ਮੁਕਾਬਲੇ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ 23,000 ਹੋਰ ਮਸ਼ੀਨਾਂ ਕਿਸਾਨਾਂ ਨੂੰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਅਗਲੇ ਕੁਝ ਦਿਨਾਂ ਤੱਕ ਪਰਾਲੀ ਸਾੜਨ ਦੇ ਖਤਰੇ ਨੂੰ ਰੋਕਣ ਲਈ ਸਖ਼ਤ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਦੀ ਨਿਰਵਿਘਨ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਇਸ ਦੀ ਤੁਰੰਤ ਲਿਫਟਿੰਗ ਲਈ ਵੀ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਹ ਯਕੀਨੀ ਬਣਾਉਣ ਲਈ ਪਹਿਲਾਂ ਹੀ ਪੁਖਤਾ ਪ੍ਰਬੰਧ ਕੀਤੇ ਹਨ ਕਿ ਕਿਸਾਨਾਂ ਦੀ ਫ਼ਸਲ ਦੀ ਚੁਕਾਈ ਦਾਣਾ ਮੰਡੀਆਂ ਵਿੱਚੋਂ ਨਿਰਵਿਘਨ, ਸਮੇਂ ਸਿਰ ਅਤੇ ਬਿਨਾਂ ਕਿਸੇ ਰੁਕਾਵਟ ਦੇ ਹੋ ਸਕੇ। ਉਨ੍ਹਾਂ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਵਿਰੋਧੀ ਧਿਰ ਦੇ ਆਗੂਆਂ ਵੱਲੋਂ ਇਕ ਨਵੰਬਰ ਨੂੰ ਹੋਣ ਵਾਲੀ ਬਹਿਸ ਵਿੱਚ ਆਪਣੇ ਮਾੜੇ ਗੁਨਾਹਾਂ ਦਾ ਪਰਦਾਫਾਸ਼ ਹੋਣ ਦੇ ਡਰੋਂ ਭੱਜਣ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਵੱਖ-ਵੱਖ ਮੁੱਦਿਆਂ 'ਤੇ ਪੰਜਾਬ ਨਾਲ ਸਰਾਸਰ ਧੋਖਾ ਕੀਤਾ ਹੈ ਜਿਸ ਲਈ ਉਹ ਸੂਬੇ ਦੇ ਲੋਕਾਂ ਪ੍ਰਤੀ ਜਵਾਬਦੇਹ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੋਕਾਂ ਨੂੰ ਲੁੱਟਿਆ ਅਤੇ ਪੰਜਾਬੀਆਂ ਦੀ ਪਿੱਠ 'ਚ ਛੁਰਾ ਮਾਰਿਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸੱਚ ਹੈ ਕਿ ਇਨ੍ਹਾਂ ਆਗੂਆਂ ਦੇ ਹੱਥ ਪੰਜਾਬ ਅਤੇ ਪੰਜਾਬੀਆਂ ਦੇ ਖ਼ੂਨ ਨਾਲ ਰੰਗੇ ਹੋਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਕਾਰਨ ਹੀ ਉਹ ਲੋਕਾਂ ਦਾ ਸਾਹਮਣਾ ਕਰਨ ਤੋਂ ਡਰਦੇ ਹਨ ਅਤੇ ਇਕ ਨਵੰਬਰ ਨੂੰ ਬਹਿਸ ਤੋਂ ਭੱਜਣ ਦਾ ਕੋਈ ਨਾ ਕੋਈ ਬਹਾਨਾ ਘੜ ਰਹੇ ਹਨ।

## ਗੁਰਦਾਸਪੁਰ ਦੇ ਨੌਜਵਾਨ ਦੀ ਮਲੇਸ਼ੀਆ ਵਿਚ ਮੌਤ: ਹਫਤੇ ਬਾਅਦ ਆਉਣਾ ਸੀ ਪਿੰਡ



ਗੁਰਦਾਸਪੁਰ, 17 ਅਕਤੂਬਰ (ਪੋਸਟ ਬਿਊਰੋ): ਗੁਰਦਾਸਪੁਰ ਦੇ ਇੱਕ ਨੌਜਵਾਨ ਦੀ ਮਲੇਸ਼ੀਆ ਵਿਚ ਮੌਤ ਹੋ ਗਈ। ਉਸ ਨੇ ਆਪਣੀ ਛੋਟੀ ਭੈਣ ਦੇ ਵਿਆਹ ਲਈ ਕੁਝ ਦਿਨਾਂ ਬਾਅਦ ਘਰ ਪਰਤਣਾ ਸੀ। ਇਸ ਦਾ ਪਤਾ ਲੱਗਦਿਆਂ ਹੀ ਖ਼ੁਸ਼ੀਆਂ ਦੇ ਮੌਕੇ ’ਤੇ ਘਰ ਵਿਚ ਸੋਗ ਦੀ ਲਹਿਰ ਫੈਲ ਗਈ। ਪਰਿਵਾਰ ਨੇ ਪੰਜਾਬ ਸਰਕਾਰ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਤੋਂ ਮੰਗ ਕੀਤੀ ਕਿ ਨੌਜਵਾਨ ਦੀ ਮ੍ਰਿਤਕਦੇਹ ਨੂੰ ਜਲਦ ਤੋਂ ਜਲਦ ਭਾਰਤ ਲਿਆਂਦਾ ਜਾਵੇ। ਮ੍ਰਿਤਕ ਅਨਿਲ ਵਿਆਹਿਆ ਹੋਇਆ ਸੀ। ਘਰ ਵਿਚ ਪਤਨੀ ਤੋਂ ਇਲਾਵਾ ਉਸ ਦੀਆਂ ਦੋ ਬੇਟੀਆਂ ਅਤੇ ਮਾਤਾ-ਪਿਤਾ ਹਨ।

ਜਾਣਕਾਰੀ ਅਨੁਸਾਰ ਗੁਰਦਾਸਪੁਰ ਦੇ ਕਸਬਾ ਕਾਹਨੂੰਵਾਨ ਦੇ ਪਿੰਡ ਦਾਤਾਰਪੁਰ ਦਾ ਅਨਿਲ ਪੈਸਾ ਕਮਾਉਣ ਲਈ ਮਲੇਸ਼ੀਆ ਗਿਆ ਸੀ। ਉਸਦੇ ਪਿਤਾ ਜਨਕ ਸਿੰਘ ਨੇ ਦੱਸਿਆ ਕਿ ਅਨਿਲ ਪਿਛਲੇ 12 ਸਾਲਾਂ ਤੋਂ ਮਲੇਸ਼ੀਆ ਵਿਚ ਕੰਮ ਕਰ ਰਿਹਾ ਸੀ। ਹਾਲ ਹੀ ਵਿਚ ਉਹ ਤਿੰਨ ਮਹੀਨੇ ਪਹਿਲਾਂ ਘਰ ਵਿੱਚ ਛੁੱਟੀ ਕੱਟ ਕੇ ਮਲੇਸ਼ੀਆ ਪਰਤਿਆ ਸੀ। ਉਸ ਦੀ ਛੋਟੀ ਭੈਣ ਦਾ ਵਿਆਹ ਅਗਲੇ ਦਿਨਾਂ ਵਿਚ ਹੋਣਾ ਹੈ। ਜਿਸ ਲਈ ਉਸ ਨੇ ਹਫ਼ਤੇ ਬਾਅਦ ਮੁੜ ਘਰ ਆਉਣਾ ਸੀ।

ਇਸੇ ਦੌਰਾਨ ਮੰਗਲਵਾਰ ਨੂੰ ਅਚਾਨਕ ਉਸ ਨੂੰ ਆਪਣੇ ਸਾਥੀਆਂ ਦਾ ਫੋਨ ਆਇਆ ਕਿ ਅਨਿਲ ਦੀ ਮੌਤ ਹੋ ਗਈ ਹੈ। ਮੌਤ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।


## ਪੰਜਾਬੀ ਬੋਲੀ ਦਾ ਜ਼ਸ਼ਨ

**ਪੰਜਾਬੀ ਲੈਂਗੂਏਜ ਐਜੂਕੇਸ਼ਨ ਐਸੋਸੀਏਸ਼ਨ (ਪਲੀ) ਵਲੋਂ**

**ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ (ਕੇ ਪੀ ਯੂ) ਅਤੇ ਦੀਪਕ ਬਿਨਿੰਗ ਫਾਊਂਡੇਸ਼ਨ**
ਦੇ ਸਹਿਯੋਗ ਨਾਲ

**ਸ਼ਨਿਚਰਵਾਰ 28 ਅਕਤੂਬਰ, 2023; ਬਾਅਦ ਦੁਪਹਿਰ 1 ਵਜੇ ਤੋਂ 4:30 ਵਜੇ ਤੱਕ**

ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ ਦੀ ਸਪਰੂਸ ਬਿਲਡਿੰਗ ਏਟਰੀਅਮ ਵਿੱਚ
12666 – 72 ਐਵਨਿਊ, ਸਰੀ ਬੀ ਸੀ (72 ਐਵਨਿਊ ਅਤੇ 128 ਸਟਰੀਟ)

**ਪਲੀ, ਕੇ ਪੀ ਯੂ ਅਤੇ ਦੀਪਕ ਬਿਨਿੰਗ ਫਾਊਂਡੇਸ਼ਨ ਵਲੋਂ ਸੰਖੇਪ ਸ਼ਬਦ**

**ਸਥਾਨਕ ਐਲੇਮੈਂਟਰੀ ਸਕੂਲਾਂ ਵਿੱਚ ਪੰਜਾਬੀ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਬਾਰੇ ਵਿਚਾਰ ਵਟਾਂਦਰਾ**

ਪੈਨਲ ਵਿੱਚ ਹਿੱਸਾ ਲੈਣ ਵਾਲੇ:
**ਗੈਰੀ ਥਿੰਦ**, ਸਰੀ ਸਕੂਲ ਬੋਰਡ ਟਰੱਸਟੀ
**ਨਿੰਮੀ ਦੌਲਾ**, ਡੈਲਟਾ ਸਕੂਲ ਬੋਰਡ ਟਰੱਸਟੀ
**ਰਾਜ ਪੁਰੀ**, ਡਿਸਟਰਿਕਟ ਪ੍ਰਿੰਸੀਪਲ ਸੈਟਲਮੈਂਟ ਸਰਵਿਸਜ਼ ਸਰੀ ਸਕੂਲ
**ਕਿਰਨ ਤੂਰ**, ਕਿਡਜ਼ ਪਲੇਅ ਫਾਊਂਡੇਸ਼ਨ
**ਅਮਨਦੀਪ ਛੀਨਾ**, ਸਰੀ ਸਕੂਲ ਮੁਖੀ ਭਾਸ਼ਾ ਵਿਭਾਗ
**ਕੋਮਲਪ੍ਰੀਤ ਕੌਰ ਕੂਨਰ**, ਸਰੀ ਸਕੂਲ ਵਿਦਿਆਰਥਣ
**ਪ੍ਰਭਸੀਰਤ ਔਲਖ**, ਯੂਨੀਵਰਸਿਟੀ ਵਿਦਿਆਰਥਣ
ਪੈਨਲ ਸੰਚਾਲਕ: **ਗੁਰਪ੍ਰੀਤ ਕੌਰ ਬੈਂਸ**, ਐਲ ਏ ਮੈਥੇਸਿਨ ਸਕੂਲ, ਮੁਖੀ ਭਾਸ਼ਾ ਵਿਭਾਗ

**ਪੰਜਾਬੀ ਵਿਦਿਆਰਥੀਆਂ ਵਲੋਂ ਕਵਿਤਾਵਾਂ, ਗੀਤ ਅਤੇ ਕਹਾਣੀਆਂ ਦੀਆਂ ਪੇਸ਼ਕਾਰੀਆਂ**

ਪ੍ਰੋਗਰਾਮ ਸੰਚਾਲਕ – **ਗੁਰਿੰਦਰ ਮਾਨ ਅਤੇ ਹਰਮੋਹਨਜੀਤ ਪੰਧੇਰ**

ਪਲੀ ਵਲੋਂ ਸੱਭ ਨੂੰ ਖੁੱਲ੍ਹਾ ਸੱਦਾ: **ਆਓ ਮਿਲ਼ ਕੇ ਆਪਣੀ ਮਾਂ-ਬੋਲੀ ਦੇ ਵਿਕਾਸ ਵਿੱਚ ਹਿੱਸਾ ਪਾਈਏ।**
**ਪ੍ਰੋਗਰਾਮ ਦਾ ਕੋਈ ਟਿਕਟ ਨਹੀਂ, ਫ੍ਰੀ ਪਾਰਕਿੰਗ ਅਤੇ ਚਾਹ ਪਾਣੀ ਦਾ ਪ੍ਰਬੰਧ ਹੋਵੇਗਾ**

ਪ੍ਰੋਗਰਾਮ ਬਾਰੇ ਹੋਰ ਜਾਣਕਾਰੀ ਲੈਣ ਲਈ ਸੰਪਰਕ:
ਬਲਵੰਤ ਸੰਘੇੜਾ – 604 – 836 – 8976
ਗੁਰਿੰਦਰ ਮਾਨ – 604 – 710 – 9106
ਸਾਧੂ ਬਿਨਿੰਗ – 778 – 773 – 1886
ਪਾਲ ਬਿਨਿੰਗ – 778 – 889 – 8255
Punjabi Language Education Association (PLEA)



REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Drug and Alcohol Test
Capital DRUG TESTING
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3
"For all your real estate needs"
Anabela Serra
Sales Representative
416-400-5825
anabelserra75@gmail.com

98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5
$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8
$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0
$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8
$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਖੇਡਾਂ ਵਤਨ ਪੰਜਾਬ ਦੀਆਂ: ਰਾਜ ਪੱਧਰੀ ਏਅਰ ਰਾਈਫਲ ਸ਼ੂਟਿੰਗ ਮੁਕਾਬਲਿਆਂ ਵਿੱਚ ਹਰਜੀਤ ਸਿੰਘ ਬਰਾੜ ਨੇ ਜਿੱਤਿਆ ਚਾਂਦੀ ਦਾ ਤਮਗਾ

## ਚੇਅਰਮੈਨ ਨਗਰ ਸੁਧਾਰ ਟਰੱਸਟ ਦੀਪਕ ਅਰੋੜਾ ਵੱਲੋਂ ਖਿਡਾਰੀ ਦਾ ਕੀਤਾ ਸਨਮਾਨ



ਮੋਗਾ, 17 ਅਕਤੂਬਰ (ਗਿਆਨ ਸਿੰਘ): ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਨਾਲ ਜਿੱਥੇ ਹੋਰ ਸਾਰੇ ਵਰਗਾਂ ਦਾ ਖਾਸ ਖਿਆਲ ਰੱਖਿਆ ਜਾ ਰਿਹਾ ਹੈ ਉੱਥੇ ਖਿਡਾਰੀਆਂ ਨੂੰ ਵੀ ਉਚੇਚਾ ਸਨਮਾਨ ਮਿਲ ਰਿਹਾ ਹੈ। ਨੌਜਵਾਨਾਂ ਨੂੰ ਨਸ਼ਿਆਂ ਦੇ ਰਾਹਾਂ ਉੱਪਰੋਂ ਮੋੜਨ ਲਈ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਵਿੱਚ ਅਹਿਮ ਕਦਮ ਪੁੱਟੇ ਜਾ ਰਹੇ ਹਨ। ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-1 ਤੋਂ ਬਾਅਦ ਹੁਣ ਸੀਜ਼ਨ-2 ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ ਜਿਸ ਵਿੱਚ ਖਿਡਾਰੀਆਂ ਵੱਲੋਂ ਪੂਰੇ ਜੋਸ਼ ਨਾਲ ਭਾਗ ਲਿਆ ਜਾ ਰਿਹਾ ਹੈ। ਖਿਡਾਰੀਆਂ ਨੂੰ ਨਕਦ ਇਨਾਮਾਂ ਦੀ ਵੀ ਵੰਡ ਕੀਤੀ ਜਾ ਰਹੀ ਹੈ ਤਾਂ ਕਿ ਸੂਬੇ ਵਿੱਚੋਂ ਨਸ਼ਿਆਂ ਨੂੰ ਖਤਮ ਕੀਤਾ ਜਾ ਸਕੇ ਅਤੇ ਨੌਜਵਾਨ ਪੀੜ੍ਹੀ ਕੁਰਾਹੇ ਪੈਣ ਤੋਂ ਬਚ ਸਕੇ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਨਗਰ ਸੁਧਾਰ ਟਰੱਸਟ ਮੋਗਾ ਦੀਪਕ ਅਰੋੜਾ ਨੇ ਸਿਲਵਰ ਮੈਡਲ ਜੇਤੂ ਸ਼ੂਟਰ ਹਰਜੀਤ ਸਿੰਘ ਬਰਾੜ ਐਡਵੋਕੇਟ ਦੀ ਹੌਸਲਾ ਅਫ਼ਜਾਈ ਕਰਨ ਲਈ ਵਿਸ਼ੇਸ਼ ਤੌਰ ਉੱਪਰ ਪਹੁੰਚਣ ਮੌਕੇ ਕੀਤਾ। ਹਰਜੀਤ ਸਿੰਘ ਬਰਾੜ ਐਡਵੋਕੇਟ ਇੱਕ ਸਫ਼ਲ ਵਕੀਲ ਦੇ ਨਾਲ-ਨਾਲ ਬਾਰ ਐਸੋਸੀਏਸ਼ਨ ਬਾਘਾਪੁਰਾਣਾ ਦੇ ਪ੍ਰਧਾਨ ਵੀ ਹਨ ਅਤੇ ਏਅਰ ਰਾਈਫ਼ਲ ਦੇ ਸ਼ੂਟਰ ਵੀ ਹਨ। ਉਨ੍ਹਾਂ ਵੱਲੋਂ ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਕਰਵਾਏ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਰਾਜ ਪੱਧਰੀ ਏਅਰ ਰਾਈਫਲ ਸ਼ੂਟਿੰਗ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਿਲ ਕਰਕੇ ਚਾਂਦੀ ਦਾ ਤਮਗਾ ਪ੍ਰਾਪਤ ਕੀਤਾ। ਉਸਦੀ ਇਸ ਪ੍ਰਾਪਤੀ ਨਾਲ ਹਲਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਚੇਅਰਮੈਨ ਦੀਪਕ ਅਰੋੜਾ ਨੇ ਦੱਸਿਆ ਕਿ ਐਡਵੋਕੇਟ ਹਰਜੀਤ ਬਰਾੜ ਨੇ ਇਹ ਜਿੱਤ ਪ੍ਰਾਪਤ ਕਰਕੇ ਪੂਰੇ ਇਲਾਕੇ ਦੇ ਲੋਕਾਂ ਦਾ ਮਾਨ ਵਧਾਇਆ ਹੈ ਤੇ ਇਹਨਾਂ ਦਾ ਸਨਮਾਨ ਕਰਨਾ ਸਾਡਾ ਫਰਜ ਹੈ ਤੇ ਵੱਧ ਤੋਂ ਵੱਧ ਲੋਕਾਂ ਨੂੰ ਖੇਡਾਂ ਨਾਲ ਜੋੜਨਾ ਹੀ ਪੰਜਾਬ ਸਰਕਾਰ ਦਾ ਸੁਪਨਾ ਹੈ।

ਚੇਅਰਮੈਨ ਦੀਪਕ ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਖਿਡਾਰੀਆਂ ਨੂੰ ਦਿੱਤੀ ਜਾ ਰਹੀ ਤਵੱਜੋ ਤੋਂ ਸੂਬੇ ਦਾ ਨੌਜਵਾਨ ਵਰਗ ਬਹੁਤ ਖੁਸ਼ ਹੈ।

ਖੇਡਾਂ ਅਤੇ ਖਿਡਾਰੀਆਂ ਦੀ ਮਿਹਨਤ ਦਾ ਅਸਲੀ ਹੱਕ ਹੁਣ ਉਨ੍ਹਾਂ ਨੂੰ ਮਿਲ ਰਿਹਾ ਹੈ। ਖਿਡਾਰੀ ਹਰਜੀਤ ਸਿੰਘ ਬਰਾੜ ਨੇ ਚੇਅਰਮੈਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਇਸ ਤਰ੍ਹਾਂ ਸਨਮਾਨ ਕਰਨ ਨਾਲ ਉਨ੍ਹਾਂ ਨੂੰ ਮਾਣ ਮਹਿਸੂਸ ਹੋਇਆ ਹੈ।

ਇਸ ਸਮੇ ਬਾਰ ਐਸੋਸੀਏਸ਼ਨ ਬਾਘਾਪੁਰਾਣਾ ਦੇ ਵਕੀਲਾਂ ਤੋਂ ਇਲਾਵਾ ਨਵਦੀਪ ਵਾਲੀਆ, ਅਨਿਲ ਸ਼ਰਮਾ, ਤੇਜਿੰਦਰ ਬਰਾੜ, ਐਡਵੋਕੇਟ ਬਰਿੰਦਰ ਰੱਤੀਆਂ, ਜੱਗਾ ਸੰਧੂ ਸਮਾਲਸਰ, ਗੁਰਸੇਵਕ ਸਿੰਘ, ਅਵਤਾਰ ਸਿੰਘ ਖੁਰਮੀ ਸੇਖਾ ਅਤੇ ਹਰਕੀਤ ਸਿੰਘ ਸਰੋਆ ਸਮਾਧ ਭਾਈ ਮੌਜੂਦ ਸਨ।

ਜਿਕਰਯੋਗ ਹੈ ਕੇ ਚੇਅਰਮੈਨ ਦੀਪਕ ਅਰੋੜਾ ਜੀ ਹਲਕੇ ਦੇ ਲੋਕਾਂ ਦੇ ਹਰ ਦੁੱਖ ਸੁੱਖ ਵਿੱਚ ਸ਼ਾਮਿਲ ਹੁੰਦੇ ਹਨ ਅਤੇ ਇਲਾਕੇ ਦੇ ਲੋਕ ਵੀ ਉਹਨਾਂ ਤੇ ਮਾਣ ਮਹਿਸੂਸ ਕਰਦੇ ਹਨ।

# ਪੰਜਾਬ ਪੁਲਿਸ ਨੇ ਰਿੰਦਾ ਗੈਂਗ ਦੇ ਚਾਰ ਕਾਰਕੁਨਾਂ ਨੂੰ ਗ੍ਰਿਫਤਾਰ ਕਰਕੇ ਟਾਰਗੇਟ ਕਿਲਿੰਗ ਦੀਆਂ ਵਾਰਦਾਤਾਂ ਨੂੰ ਟਾਲਿਆ, ਇੱਕ ਪਿਸਤੌਲ ਬਰਾਮਦ

## ਸੂਬੇ ਦੇ ਮੋਹਤਬਾਰ ਵਿਅਕਤੀਆਂ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਬਣਾ ਰਹੇ ਸਨ ਗ੍ਰਿਫਤਾਰ ਕੀਤੇ ਸ਼ੂਟਰ : ਡੀ.ਜੀ.ਪੀ.

ਚੰਡੀਗੜ੍ਹ, 17 ਅਕਤੂਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਪਾਕਿ-ਸਤਾਨ ਸਥਿਤ ਅੱਤਵਾਦੀ ਹਰਵਿੰ-ਦਰ ਸਿੰਘ ਰਿੰਦਾ ਦੀ ਹਮਾਇਤ ਪ੍ਰਾਪਤ ਅਤੇ ਅਮਰੀਕਾ ਸਥਿਤ ਗੈਂਗਸਟਰ ਹਰਪ੍ਰੀਤ ਸਿੰਘ ਉਰਫ ਹੈਪੀ ਪਾਸੀਆ ਵੱਲੋਂ ਚਲਾਏ ਜਾ ਰਹੇ ਅੱਤਵਾਦੀ ਮਾਡਿਊਲ ਦੇ ਚਾਰ ਕਾਰਕੁਨਾਂ ਨੂੰ ਗ੍ਰਿਫਤਾਰ ਕਰਕੇ ਸੂਬੇ ਦੇ ਮੋਹਤਬਾਰ ਵਿਅਕਤੀਆਂ ਦੀ ਸੰਭਾਵਿਤ ਟਾਰਗੇਟ ਕਿਲਿੰਗ ਨੂੰ ਟਾਲ ਦਿੱਤਾ ਹੈ।

ਡੀਜੀਪੀ ਪੰਜਾਬ, ਗੌਰਵ ਯਾਦਵ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਬੂ ਕੀਤੇ ਮੁਲਜ਼ਮਾਂ ਦੀ ਪਛਾਣ ਵਿਕਰਮਜੀਤ ਸਿੰਘ ਉਰਫ਼ ਰਾਜਾ ਬੈਂਸ ਵਾਸੀ ਬਟਾਲਾ ਅਤੇ ਬਾਵਾ ਸਿੰਘ ਵਾਸੀ ਪਿੰਡ ਲੁੱਧਰ (ਅੰਮ੍ਰਿਤਸਰ), ਗੁਰਕ੍ਰਿਪਾਲ ਸਿੰਘ ਉਰਫ਼ ਗਗਨ ਰੰਧਾਵਾ ਅਤੇ ਅਮਾਨਤ ਗਿੱਲ ਦੋਵੇਂ ਵਾਸੀ ਅੰਮ੍ਰਿਤਸਰ ਵਜੋਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਦੋਸ਼ੀਆਂ ਕੋਲੋਂ .32 ਬੋਰ ਦਾ ਇੱਕ ਪਿਸਤੌਲ ਅਤੇ 10 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ।

ਉਨ੍ਹਾਂ ਦੱਸਿਆ ਕਿ ਰਿੰਦਾ ਅਤੇ ਹੈਪੀ ਪਾਸੀਆ ਵੱਲੋਂ ਸੂਬੇ ਦੇ ਕੁਝ ਪ੍ਰਮੁੱਖ ਵਿਅਕਤੀਆਂ ਦੀ ਮਿੱਥਕੇ ਹੱਤਿਆ ਕਰਨ ਦੀ ਯੋਜਨਾ ਬਣਾਉਣ ਅਤੇ ਇਸ ਵਾਰਦਾਤ ਨੂੰ ਅੰਜਾਮ ਦੇਣ ਲਈ ਦੋ ਸ਼ੂਟਰਾਂ ਨੂੰ ਨਿਯੁਕਤ ਕਰਨ ਬਾਰੇ ਪੁਖ਼ਤਾ ਇਤਲਾਹ ਮਿਲਣ ਉਪਰੰਤ ਐਸ.ਐਸ.ਓ.ਸੀ. ਐਸ.ਏ.ਐਸ. ਨਗਰ ਦੀਆਂ ਪੁਲਿਸ ਟੀਮਾਂ ਨੇ ਇੱਕ ਵਿਸ਼ੇਸ਼ ਆਪ੍ਰੇਸ਼ਨ ਚਲਾਇਆ ਅਤੇ ਵਿਕਰਮਜੀਤ ਉਰਫ਼ ਰਾਜਾ ਬੈਂਸ ਅਤੇ ਬਾਵਾ ਸਿੰਘ ਸਮੇਤ ਦੋ ਮੁਲਜ਼ਮਾਂ ਨੂੰ ਕਾਬੂ ਕੀਤਾ। ।



ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗੈਂਗਸਟਰ ਹੈਪੀ ਪਾਸੀਆ ਨੇ ਮੁਲਜ਼ਮ ਵਿਕਰਮਜੀਤ ਨਾਲ ,ਟਾਰਗੇਟ ਕਿਲਿੰਗ ਕਰਨ ਸਬੰਧੀ 15 ਲੱਖ ਰੁਪਏ ਵਿੱਚ ਸੌਦਾ ਕੀਤਾ ਸੀ ਅਤੇ ਇਸ ਵਾਰਦਾਤ ਨੂੰ ਅੰਜਾਮ ਦੇਣ ਲਈ ਸਤੰਬਰ 2023 ਦੇ ਆਖਰੀ ਹਫ਼ਤੇ ਮੁਲਜ਼ਮ ਵਿਕਰਮਜੀਤ ਵੱਲੋਂ ਰੇਕੀ ਵੀ ਕੀਤੀ ਗਈ ਸੀ।

ਡੀਜੀਪੀ ਨੇ ਦੱਸਿਆ ਕਿ ਅਗਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਵਿਕਰਮਜੀਤ ਲਈ ਪਿਸਤੌਲ ਅਤੇ ਜ਼ਿੰਦਾ ਕਾਰਤੂਸਾਂ ਦਾ ਪ੍ਰਬੰਧ ਹੈਪੀ ਪਾਸੀਆ ਨੇ ਆਪਣੇ ਸਥਾਨਕ ਸਾਥੀਆਂ ਗੁਰਕਿਰਪਾਲ ਸਿੰਘ ਉਰਫ਼ ਗਗਨ ਰੰਧਾਵਾ, ਹਰੀ ਸਿੰਘ ਉਰਫ਼ ਹੈਰੀ ਅਤੇ ਅਮਾਨਤ ਗਿੱਲ, ਸਾਰੇ ਵਾਸੀ ਅੰਮ੍ਰਿਤਸਰ ਰਾਹੀਂ ਕੀਤਾ ਸੀ।

ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੇ ਖੁਲਾਸੇ ਤੋਂ ਬਾਅਦ ਪੁਲਿਸ ਟੀਮਾਂ ਨੇ ਗੁਰਕ੍ਰਿਪਾਲ ਸਿੰਘ ਅਤੇ ਅਮਾਨਤ ਗਿੱਲ ਨੂੰ ਵੀ ਕਾਬੂ ਕਰ ਲਿਆ ਹੈ, ਜਦਕਿ ਹਰੀ ਸਿੰਘ ਵਿਦੇਸ਼ ਭੱਜਣ ਵਿੱਚ ਕਾਮਯਾਬ ਹੋ ਗਿਆ।

ਇਸ ਸਬੰਧੀ ਯੂਏਪੀਏ ਦੀ ਧਾਰਾ 17,18 ,20, ਆਈਪੀਸੀ ਦੀ ਧਾਰਾ 115, 153, 153ਏ ਅਤੇ 120ਬੀ ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਪਹਿਲਾਂ ਹੀ ਐਫਆਈਆਰ ਦਰਜ ਕੀਤੀ ਜਾ ਚੁੱਕੀ ਹੈ।






ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਇਜ਼ਰਾਈਲ ਅਤੇ ਹਮਾਸ ਵਿਚਕਾਰ ਸੰਘਰਸ਼ ਨੂੰ ਸ਼ਾਂਤੀਪੂਰਵਕ ਹੱਲ ਕੀਤਾ ਜਾਣਾ ਚਾਹੀਦਾ ਹੈ



-ਸੁਰਜੀਤ ਸਿੰਘ ਫਲੋਰਾ-

ਪਹਿਲਾਂ ਕੋਵਿਡ ਤੋਂ ਹੀ ਅਸਥਿਰਤਾ ਨਾਲ ਜੂਝ ਰਹੀ ਦੁਨੀਆ ਨੂੰ ਰੂਸ ਅਤੇ ਯੂਕ੍ਰੇਨ ਦੀ ਲੜਾਈ ਨੇ ਲੋਕਾ ਦੀ ਹੀ ਨਹੀਂ ਬੱਲਕੇ ਦੁਨੀਆਂ ਭਰ ਦੀ ਅਰਥਵਿਵਸਤਾ ਨੂੰ ਡਾਵਾ ਡੋਲ ਕੀਤਾ ਹੋਇਆ ਸੀ ਤੇ ਹੁਣ ਬਾਕੀ ਦੀ ਰਹਿੰਦੀ ਖੂੰਦੀ ਘਾਟ ਹੁਣ ਇਜ਼ਰਾਈਲ ਤੇ ਹਮਾਸ ਦੇ ਟਕਰਾਅ ਨੇ ਲੋਕਾ ਤੋਂ ਲੈ ਕੇ ਅਰਥਵਿਵਸਤਾ ਨੂੰ ਨਵੇਂ ਖ਼ਤਰਿਆਂ ਵੱਲ ਧੱਕ ਦਿੱਤਾ ਹੈ। ਇਸ ਇਜ਼ਰਾਈਲ 'ਤੇ ਹਮਾਸ ਦੇ ਹਮਲੇ ਨੇ ਪੱਛਮੀ ਏਸ਼ੀਆ ਸਮੇਤ ਵਿਸ਼ਵ ਪੱਧਰ 'ਤੇ ਅਸ਼ਾਂਤੀ ਪੈਦਾ ਕਰ ਦਿੱਤੀ ਹੈ। ਇਸ ਹਮਲੇ ਕਾਰਨ ਇਸ ਖੇਤਰ ਵਿਚ ਸ਼ਾਂਤੀ ਦੀਆਂ ਕੋਸ਼ਿਸ਼ਾਂ ਨੂੰ ਵੱਡਾ ਝਟਕਾ ਲੱਗਾ ਹੈ। ਜੋ ਹੁਣ ਨਵੀਆਂ ਚੁਣੌਤੀਆਂ ਹਨ ਨੂੰ ਜਨਮ ਦੇ ਚੁਕਾ ਹੈ।

ਇਸਲਾਮੀ ਅੱਤਵਾਦੀ ਸਮੂਹਾਂ ਦੇ ਪਹਿਲਾਂ ਤੋਂ ਹੀ ਨੀਵੇਂ ਮਾਪਦੰਡਾਂ 'ਤੇ ਵਿਚਾਰ ਕਰਦੇ ਹੋਏ ਵੀ ਇਹ ਕਾਰਵਾਈ ਬਹੁਤ ਹੀ ਘਿਣਾਉਣੀ ਹੈ। ਇਜ਼ਰਾਈਲ ਦੇ ਵਿਰੁੱਧ ਬੇਤਰਤੀਬੇ ਮਿਜ਼ਾਈਲ ਹਮਲਿਆਂ ਵਿੱਚ ਸ਼ਾਮਲ ਹੋਣਾ ਪਹਿਲਾਂ ਹੀ ਇੱਕ ਗੰਭੀਰ ਮਾਮਲਾ ਹੈ, ਪਰ ਜਦੋਂ ਸਰਹੱਦ ਪਾਰ ਦੇ ਛਾਪਿਆਂ ਨਾਲ ਜੋੜਿਆ ਜਾਂਦਾ ਹੈ ਜੋ ਜਾਣਬੁੱਝ ਕੇ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਂਦੇ ਹਨ, ਜਾਂ ਤਾਂ ਉਹਨਾਂ ਨੂੰ ਬੰਧਕ ਬਣਾਉਣ ਲਈ ਜਾਂ ਸਿਰਫ਼ ਨੁਕਸਾਨ ਪਹੁੰਚਾਉਣ ਲਈ, ਇਹ ਸਵੀਕਾਰਯੋਗ ਸੀਮਾਵਾਂ ਤੋਂ ਬਾਹਰ ਹੋ ਜਾਂਦਾ ਹੈ।

ਮਾਰੇ ਗਏ ਜਾਂ ਬੰਧਕ ਬਣਾਏ ਗਏ ਕਈ ਵਿਅਕਤੀ ਗਾਜ਼ਾ ਸਰਹੱਦ ਦੇ ਨੇੜੇ ਸਥਿਤ ਨੋਵਾ ਫੈਸਟੀਵਲ ਵਿਚ ਹਿੱਸਾ ਲੈਣ ਵਾਲੇ ਸਨ ਅਤੇ ਬਦਕਿਸਮਤੀ ਨਾਲ, ਉਹਨਾਂ ਨੂੰ ਜਵਾਬ ਵਜੋਂ ਗੋਲੀ ਮਾਰਨ ਜਾਂ ਬੰਧਕ ਬਣਾਏ ਜਾਣ ਸਮੇਤ ਹਿੰਸਾ ਦੀਆਂ ਕਾਰਵਾਈਆਂ ਦਾ ਸ਼ਿਕਾਰ ਹੋਣਾ ਪਿਆ।

ਹਮਲੇ ਦੀ ਘਟਨਾ ਵਿੱਚ ਯੋਗਦਾਨ ਪਾਉਣ ਵਾਲੇ ਅੰਤਰੀਵ ਕਾਰਕਾਂ ਦੇ ਨਾਲ-ਨਾਲ ਇਸ ਦੇ ਪ੍ਰਗਟਾਵੇ ਦੇ ਸਮੇਂ ਨੂੰ ਦਰਸਾਉਂਦਾ ਇੱਕ ਵਿਆਪਕ ਵਿਸ਼ਲੇਸ਼ਣ, ਇਜ਼ਰਾਈਲ ਸਾਊਦੀ ਅਰਬ ਨਾਲ ਸਧਾਰਣ ਸਬੰਧ ਸਥਾਪਤ ਕਰਨ ਦੇ ਕੰਢੇ 'ਤੇ ਸੀ, ਸੰਯੁਕਤ ਰਾਜ ਅਮਰੀਕਾ ਸਮਝੌਤੇ ਦੇ ਹਿੱਸੇ ਵਜੋਂ ਸੁਰੱਖਿਆ ਭਰੋਸੇ ਦੀ ਪੇਸ਼ਕਸ਼ ਕਰਦਾ ਹੈ। ਇੱਕ ਸੰਭਾਵੀ ਸਹਿਯੋਗੀ ਦਾ ਨੁਕਸਾਨ ਹਮਾਸ ਨੂੰ ਮਹੱਤਵਪੂਰਨ ਤੌਰ 'ਤੇ ਕਮਜ਼ੋਰ ਕਰਦਾ ਹੈ ਜਦਕਿ ਨਾਲ ਹੀ ਈਰਾਨ ਦੀਆਂ ਚਿੰਤਾਵਾਂ ਨੂੰ ਵਧਾਉਂਦਾ ਹੈ। ਈਰਾਨ, ਹਮਾਸ ਦੇ ਸਮਰਥਕ ਦੇ ਰੂਪ ਵਿੱਚ, ਸਾਊਦੀ ਅਰਬ ਅਤੇ ਸੰਯੁਕਤ ਰਾਜ ਦੇ ਵਿਚਕਾਰ ਇੱਕ ਵਧੀ ਹੋਈ ਸੁਰੱਖਿਆ ਭਾਈਵਾਲੀ ਦੇ ਸੰਭਾਵੀ ਪ੍ਰਭਾਵਾਂ ਬਾਰੇ ਚਿੰਤਾ ਪ੍ਰਗਟ ਕਰਦਾ ਹੈ।



ਇਸ ਸੰਚਾਰ ਦਾ ਉਦੇਸ਼ ਹਮਲੇ ਦੀ ਘਟਨਾ, ਹਮਲੇ ਦੇ ਸਮੇਂ ਅਤੇ ਇਸਦੀ ਬੇਰਹਿਮੀ ਦੀ ਗੰਭੀਰਤਾ ਵਿੱਚ ਯੋਗਦਾਨ ਪਾਉਣ ਵਾਲੇ ਕਾਰਕਾਂ ਦਾ ਵਿਸ਼ਲੇਸ਼ਣ ਪ੍ਰਦਾਨ ਕਰਨਾ ਹੈ। ਅੰਦਾਜ਼ਾ ਲਗਾਓ ਕਿ ਇਜ਼ਰਾਈਲੀ ਜਵਾਬੀ ਉਪਾਅ ਮਹੱਤਵਪੂਰਨ ਹੋਣਗੇ, ਸੰਭਾਵੀ ਤੌਰ 'ਤੇ ਨਜ਼ਦੀਕੀ ਮਿਆਦ ਵਿੱਚ ਸਾਊਦੀ-ਇਜ਼ਰਾਈਲੀ ਸਬੰਧਾਂ ਨੂੰ ਪ੍ਰਭਾਵਤ ਕਰਨਗੇ।

ਗਾਜ਼ਾ ਦੇ ਵਸਨੀਕਾਂ ਨੂੰ ਇੱਕ ਵਾਰ ਫਿਰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਾਲਾਂਕਿ, ਹਮਾਸ ਦੀ ਮੌਜੂਦਾ ਸਥਿਤੀ 'ਤੇ ਵਿਚਾਰ ਕਰਦੇ ਹੋਏ, ਇਹ ਪ੍ਰਤੀਤ ਹੁੰਦਾ ਹੈ ਕਿ ਕੋਈ ਸੰਭਵ ਵਿਕਲਪ ਉਪਲਬਧ ਨਹੀਂ ਹਨ।

ਜਦੋਂ ਕਿ ਇਜ਼ਰਾਈਲ ਇੱਕ ਲੋਕਤੰਤਰੀ ਦੇਸ਼ ਹੈ ਜੋ ਨਿਯਮਿਤ ਤੌਰ 'ਤੇ ਚੋਣਾਂ ਕਰਾਉਂਦਾ ਹੈ ਅਤੇ ਕਿਸੇ ਹੋਰ ਦੇਸ਼ ਨੂੰ ਜਿੱਤਣ ਜਾਂ ਤਬਾਹ ਕਰਨ ਦਾ ਕੋਈ ਇਰਾਦਾ ਨਹੀਂ ਰੱਖਦਾ ਹੈ।

ਹਮਾਸ ਅਕਸਰ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਅਤੇ ਨੁਕਸਾਨ ਪਹੁੰਚਾਉਣ ਦੇ ਸਪੱਸ਼ਟ ਉਦੇਸ਼ ਨਾਲ, ਇਜ਼ਰਾਈਲ ਵੱਲ ਰਾਕੇਟ, ਮੋਰਟਾਰ ਦੇ ਗੋਲੇ ਅਤੇ ਫਾਇਰਬਾਲ ਲਾਂਚ ਕਰਦਾ ਹੈ। ਇਜ਼ਰਾਈਲ ਰਾਕੇਟ, ਗੋਲਾਬਾਰੀ ਅਤੇ ਅੱਗ ਕਾਰਨ ਹੋਏ ਮਹੱਤਵਪੂਰਨ ਨੁਕਸਾਨ ਦੇ ਜਵਾਬ ਵਿੱਚ ਜਵਾਬੀ ਕਾਰਵਾਈ ਕਰਦਾ ਹੈ, ਜਿਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਫੌਜੀ ਕਾਰਵਾਈ ਖਾਸ ਤੌਰ 'ਤੇ ਨਾਗਰਿਕਾਂ ਦੀ ਬਜਾਏ ਹਮਾਸ ਦੇ ਫੌਜੀ ਟੀਚਿਆਂ, ਜਿਵੇਂ ਕਿ ਰਾਕੇਟ ਲਾਂਚਰ ਅਤੇ ਕਮਾਂਡ ਸੈਂਟਰਾਂ ਨੂੰ ਨਿਸ਼ਾਨਾ ਬਣਾਉਂਦੀ ਹੈ।

ਇਜ਼ਰਾਈਲ ਦੀ ਕੈਬਨਿਟ ਨੇ ਧਾਰਾ 40 ਦੀ ਵਰਤੋਂ ਕਰਦੇ ਹੋਏ ਯੁੱਧ ਦਾ ਐਲਾਨ ਕੀਤਾ ਹੈ। 1973 ਤੋਂ, ਅਜਿਹਾ ਹੁੰਦਾ ਆ ਰਿਹਾ ਹੈ। ਇਜ਼ਰਾਈਲ ਦੇ ਰੱਖਿਆ ਮੰਤਰੀ ਨੇ ਗਾਜ਼ਾ ਪੱਟੀ ਨੂੰ ਪੂਰੀ ਤਰ੍ਹਾਂ ਤਹਿਸ ਨਹਿਸ ਕਰ ਦਿੱਤਾ ਹੈ। ਗਾਜ਼ਾ ਵਿੱਚ ਬਿਜਲੀ, ਭੋਜਨ ਅਤੇ ਹੋਰ ਜ਼ਰੂਰੀ ਚੀਜ਼ਾਂ ਦੀ ਘਾਟ ਹੈ। ਟਕਰਾਅ ਵਧਣ ਦਾ ਡਰ ਮਡਰਾ ਰਿਹਾ ਹੈ।

ਇਸ ਅੱਤਵਾਦੀ ਹਮਲੇ ਦੇ ਪਿਛੋਕੜ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਇਹ ਇਤਿਹਾਸਕ ਸਮਝੌਤਿਆਂ ਦੁਆਰਾ ਚਿੰਨ੍ਹਿਤ ਇਜ਼ਰਾਈਲ ਅਤੇ ਇਸਦੇ ਅਰਬ ਗੁਆਂਢੀਆਂ ਵਿਚਕਾਰ ਵਧਦੀ ਸੁਲ੍ਹਾ-ਸਫਾਈ ਦੇ ਸਮੇਂ ਦੌਰਾਨ ਵਾਪਰਿਆ। 2020 ਤੋਂ ਸ਼ੁਰੂ ਕਰਦੇ ਹੋਏ, ਇਜ਼ਰਾਈਲ ਅਤੇ ਅਰਬ ਦੇਸ਼ਾਂ ਨੇ ਅਬ੍ਰਾਹਮਿਕ ਸਮਝੌਤੇ ਰਾਹੀਂ ਸਬੰਧਾਂ ਨੂੰ ਆਮ ਬਣਾਉਣਾ ਸ਼ੁਰੂ ਕੀਤਾ। ਰਾਸ਼ਟਰਪਤੀ ਜੋਅ ਬਾਇਡੇਨ ਅਤੇ ਸਾਊਦੀ ਅਰਬ ਦੇ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਵਿਚਕਾਰ ਹੋਈ ਗੱਲਬਾਤ ਤੋਂ ਪਤਾ ਚੱਲਦਾ ਹੈ ਕਿ ਸਾਊਦੀ ਅਰਬ ਅਤੇ ਇਜ਼ਰਾਈਲ ਪੂਰੀ ਤਰ੍ਹਾਂ ਸਧਾਰਣ ਹੋਣ ਵੱਲ ਵਧ ਰਹੇ ਹਨ। ਗਠਜੋੜ ਨੇ ਪੱਛਮੀ ਏਸ਼ੀਆ ਦੀ ਭੂ-ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਕੀਤੀ। ਪੁਰਾਣੀ ਦੁਸ਼ਮਣੀ ਦੀ ਥਾਂ ਸਹਿਯੋਗ ਦੇ ਨਵੇਂ ਪੁਲਾਂ ਨੇ ਲੈ ਲਈ। ਇਹ ਪੁਲ ਖੇਤਰੀ ਸਥਿਰਤਾ ਅਤੇ ਸਾਂਝੇ ਆਰਥਿਕ ਵਿਕਾਸ ਨਾਲ ਜੁੜਿਆ ਹੋਇਆ ਹੈ। ਹਮਾਸ ਦਾ ਹਮਲਾ ਅਸਥਾਈ ਤੌਰ 'ਤੇ ਪ੍ਰਕਿਰਿਆ ਨੂੰ ਵਿਗਾੜ ਰਿਹਾ ਹੈ। ਇਹ ਹਮਲਾ ਅਵਿਸ਼ਵਾਸ ਨੂੰ ਡੂੰਘਾ ਕਰੇਗਾ ਅਤੇ ਗੱਲਬਾਤ ਵਿੱਚ ਰੁਕਾਵਟ ਪੈਦਾ ਕਰ ਰਿਹਾ ਹੈ। ਇਹ ਅਭਿਆਸ ਅਸਫਲ ਹੋ ਜਾਵੇਗਾ ਜੇਕਰ ਸਾਊਦੀ ਅਰਬ ਅਤੇ ਇਜ਼ਰਾਈਲ ਆਪਣੇ ਮੁੱਦਿਆਂ ਨੂੰ ਸਹਿਮਤ ਕਰਨ ਜਾਂ ਹੱਲ ਕਰਨ ਦਾ ਰਸਤਾ ਨਹੀਂ ਲੱਭ ਸਕੇ। ਦੋਵੇਂ ਦੇਸ਼ ਆਪਸੀ ਲਾਭ ਲਈ ਅੱਗੇ ਵਧਣ ਤੋਂ ਪਹਿਲਾਂ ਖੇਤਰੀ ਹਿੱਤਾਂ ਅਤੇ ਘਰੇਲੂ ਭਾਵਨਾਵਾਂ 'ਤੇ ਵਿਚਾਰ ਕਰਨ ਜਿਸ ਨਾਲ ਅਮਨ ਅਮਾਨ ਤੇ ਆਮ ਲੋਕਾ ਨੂੰ ਮਰਨ ਮਰਾਉਣ ਵਾਲਿਆਂ ਪਹਿਲ ਕਦਮੀਆਂ ਨੂੰ ਬੰਦ ਕੀਤਾ ਜਾ ਸਕੇ।

ਹਮਾਸ ਇੱਕ ਅਜਿਹਾ ਸੰਗਠਨ ਹੈ ਜਿਸ ਨੂੰ ਵਿਆਪਕ ਤੌਰ 'ਤੇ ਇੱਕ ਅੱਤਵਾਦੀ ਸਮੂਹ ਮੰਨਿਆ ਜਾਂਦਾ ਹੈ। ਇਸ ਨੂੰ ਈਰਾਨ ਤੋਂ ਫੰਡਿੰਗ ਮਿਲਦੀ ਹੈ ਅਤੇ ਇਸ ਨੇ ਇਜ਼ਰਾਈਲ ਨੂੰ ਖ਼ਤਮ ਕਰਨ ਦਾ ਆਪਣਾ ਉਦੇਸ਼ ਖੁੱਲ੍ਹੇਆਮ ਐਲਾਨਿਆ ਹੋਇਆ ਹੈ। 2007 ਵਿੱਚ, ਹਮਾਸ ਨੇ ਇੱਕ ਹਿੰਸਕ ਤਖਤਾਪਲਟ ਦੁਆਰਾ ਗਾਜ਼ਾ ਦਾ ਕੰਟਰੋਲ ਆਪਣੇ ਕਬਜ਼ੇ ਵਿੱਚ ਲੈ ਲਿਆ, ਜਿਸ ਨਾਲ ਉਨ੍ਹਾਂ ਦੇ ਨਾਲ ਚੁਣੀ ਗਈ ਪਾਰਟੀ, ਪੀ.ਐਲ.ਓ ਦੇ ਤਖਤੇ ਨੂੰ ਉਲਟਾਇਆ ਗਿਆ। ਉਦੋਂ ਤੋਂ, ਹਮਾਸ ਨੇ ਗਾਜ਼ਾ ਦੇ ਲੋਕਾਂ ਨੂੰ ਇਸਦੇ ਨਿਰੰਤਰ ਸ਼ਾਸਨ ਲਈ ਆਪਣੀ ਤਰਜੀਹ ਜ਼ਾਹਰ ਕਰਨ ਦੀ ਇਜਾਜ਼ਤ ਦੇਣ ਲਈ ਕੋਈ ਚੋਣਾਂ ਨਹੀਂ ਕਰਵਾਈਆਂ ਹਨ।

ਇੱਥੋਂ ਤੱਕ ਕਿ ਹਮਾਸ ਦੇ ਹਮਲੇ ਵਿੱਚ ਇਰਾਨ ਦੀ ਸ਼ਮੂਲੀਅਤ, ਇੱਕ ਅਮਰੀਕੀ ਅਖਬਾਰ ਵਿੱਚ ਖੁਲਾਸਾ, ਪੱਛਮੀ ਏਸ਼ੀਆ ਦੀ ਸਥਿਤੀ ਨੂੰ ਹੋਰ ਵੀ ਪੇਚੀਦਾ ਬਣਾ ਰਿਹਾ ਹੈ। ਅਖ਼ਬਾਰ ਦੀ ਰਿਪੋਰਟ ਮੁਤਾਬਕ ਹਮਾਸ ਨੂੰ ਹਮਲੇ ਲਈ ਈਰਾਨ ਦੀ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਦਾ ਸਮਰਥਨ ਮਿਲਿਆ ਹੈ। ਹਮਾਸ ਅਤੇ ਹਿਜ਼ਬੁੱਲਾ ਦੇ ਮੈਂਬਰਾਂ ਨੇ ਬੇਰੂਤ ਵਿੱਚ ਇਹ ਫੈਸਲਾ ਲਿਆ। ਇਰਾਨ ਦਾ ਸਮਰਥਨ ਪ੍ਰਾਪਤ ਹਿਜ਼ਬੁੱਲਾ ਇੱਕ ਅੱਤਵਾਦੀ ਸਮੂਹ ਹੈ।

ਅਮਰੀਕਾ ਦੇ ਵਿਦੇਸ਼ ਮੰਤਰੀ ਐਂਟਨੀ ਬਲੰਕਿਨ ਨੇ ਦੋਵਾਂ ਪੱਖਾਂ ਦੇ ਸਬੰਧਾਂ ਨੂੰ ਸਵੀਕਾਰ ਕੀਤਾ ਪਰ ਕਿਹਾ ਕਿ ਹਮਲੇ ਵਿੱਚ ਈਰਾਨ ਦੀ ਸ਼ਮੂਲੀਅਤ ਦੇ ਸਪੱਸ਼ਟ ਸਬੂਤ ਅਜੇ ਸਾਹਮਣੇ ਨਹੀਂ ਆਏ ਹਨ। ਈਰਾਨ ਦੇ ਖਿਲਾਫ ਇਲਜ਼ਾਮ ਸ਼ਾਂਤੀ ਵਾਰਤਾ ਵਿੱਚ ਵਿਘਨ ਪਾ ਸਕਦੇ ਹਨ ਜੇਕਰ ਉਹ ਗਤੀ ਪ੍ਰਾਪਤ ਕਰਦੇ ਹਨ, ਜਿਸ ਨਾਲ ਸ਼ਾਮਲ ਵੱਖ-ਵੱਖ ਧਿਰਾਂ ਦੁਆਰਾ ਰਣਨੀਤੀ ਵਿੱਚ ਬਦਲਾਅ ਕੀਤਾ ਜਾਂਦਾ ਹੈ। ਈਰਾਨ ਦੀਆਂ ਕਾਰਵਾਈਆਂ ਇਜ਼ਰਾਈਲ ਦੀ ਪ੍ਰਤੀਕਿਰਿਆ ਨੂੰ ਗੁੰਝਲਦਾਰ ਬਣਾ ਦੇਣਗੀਆਂ ਅਤੇ ਇਜ਼ਰਾਈਲ ਨਾਲ ਸਬੰਧਾਂ ਨੂੰ ਆਮ ਬਣਾਉਣ ਦੀ ਕੋਸ਼ਿਸ਼ ਕਰ ਰਹੇ ਅਰਬ ਦੇਸ਼ਾਂ ਨਾਲ ਸਬੰਧਾਂ ਵਿੱਚ ਤਣਾਅ ਪੈਦਾ ਕਰੇਗੀ।

ਸਭ ਕੁਝ ਦੇ ਵਿਚਕਾਰ, ਅਮਰੀਕਾ ਨੇ ਕੂਟਨੀਤੀ ਅਤੇ ਫੌਜੀ ਸਹਾਇਤਾ ਸਮੇਤ ਸਾਰੇ ਪਹਿਲੂਆਂ ਵਿੱਚ ਇਜ਼ਰਾਈਲ ਦਾ ਸਮਰਥਨ ਕਰਨ ਦਾ ਵਾਅਦਾ ਕੀਤਾ ਹੈ। ਅਮਰੀਕੀ ਰੱਖਿਆ ਸਕੱਤਰ ਲੋਇਡ ਆਸਟਿਨ ਨੇ ਫੋਰਡ ਕੈਰੀਅਰ ਸਟ੍ਰਾਈਕ ਫੋਰਸ ਨੂੰ ਇਜ਼ਰਾਈਲ ਦੀ ਮਦਦ ਲਈ ਪੂਰਬੀ ਮੈਡੀਟੇਰੀਅਨ ਜਾਣ ਦਾ ਹੁਕਮ ਦਿੱਤਾ ਹੈ। ਇਸ ਫੋਰਸ ਵਿੱਚ ਲਗਭਗ 5,000 ਜਵਾਨਾਂ ਦੀ ਤਾਇਨਾਤੀ ਦੇ ਨਾਲ ਉਨਤ ਜੰਗੀ ਜਹਾਜ਼ ਗੇਰਾਲਡ ਆਰ. ਫੋਰਡ ਸ਼ਾਮਲ ਹੈ। ਤੈਨਾਤ ਕਰੂਜ਼ਰ ਅਤੇ ਵਿਨਾਸ਼ਕਾਰੀ ਹਮਾਸ ਨੂੰ ਸਪੱਸ਼ਟ ਚੇਤਾਵਨੀਆਂ ਹਨ। ਅਮਰੀਕੀ ਹਵਾਈ ਸੈਨਾ ਦੇ ਲੜਾਕੂ ਜਹਾਜ਼ਾਂ ਦਾ ਬੇੜਾ, ਜਿਸ ਵਿਚ ਐੱਫ-35, ਐੱਫ-15, ਐੱਫ-16 ਅਤੇ ਏ-10 ਸ਼ਾਮਲ ਹਨ, ਇਸ ਖੇਤਰ ਵਿਚ ਲਗਾਤਾਰ ਵਧ ਰਹੇ ਹਨ।

ਇਜ਼ਰਾਈਲ ਹਮਲੇ ਵਿੱਚ ਖੁਫੀਆ ਏਜੰਸੀਆਂ ਦੀ ਘੋਰ ਲਾਪਰਵਾਹੀ ਵੀ ਡੂੰਘੇ ਅਰਥ ਰੱਖਦੀ ਹੈ। ਇਹ ਸਿਰਫ਼ ਮੋਸਾਦ ਹੀ ਨਹੀਂ ਸਗੋਂ ਹੋਰ ਸਹਿਯੋਗੀ ਦੇਸ਼ ਵੀ ਅਸਫ਼ਲ ਰਹੇ ਹਨ। ਇਸ ਨੇ ਪੂਰੀ ਦੁਨੀਆ ਨੂੰ ਚਿੰਤਾ ਵਿਚ ਪਾ ਦਿੱਤਾ। ਹਮਾਸ ਦੁਆਰਾ ਜਿੰਨਾ ਵੱਡਾ ਯੋਜਨਾਬੱਧ ਹਮਲਾ ਹੋਵੇਗਾ, ਓਨਾ ਹੀ ਇਹ ਹੋਰ ਅੱਤਵਾਦੀ ਸਮੂਹਾਂ ਨੂੰ ਤਾਕਤ ਦੇਵੇਗਾ।

ਇਹ ਹਮਲਾ ਦੇਸ਼ਾਂ ਨੂੰ ਖੁਫ਼ੀਆ ਜਾਣਕਾਰੀ ਸਾਂਝੀ ਕਰਨ ਵਿੱਚ ਸੁਧਾਰ ਕਰਨ, ਰੱਖਿਆ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਅਤੇ ਇੱਕ ਸੰਯੁਕਤ ਅੱਤਵਾਦ ਵਿਰੋਧੀ ਰਣਨੀਤੀ ਅਪਣਾਉਣ ਦੀ ਲੋੜ ਨੂੰ ਦਰਸਾਉਂਦਾ ਹੈ। ਆਤੰਕਵਾਦੀ ਸੰਗਠਨਾਂ ਨੂੰ ਸਮਾਨ ਤਰੀਕੇ ਅਪਣਾਉਣ ਤੋਂ ਰੋਕਣ ਅਤੇ ਉਹਨਾਂ ਦਾ ਮੁਕਾਬਲਾ ਕਰਨ ਲਈ ਗਲੋਬਲ ਸਹਿਯੋਗ ਬਹੁਤ ਜ਼ਰੂਰੀ ਹੈ। ਅੱਤਵਾਦੀ ਹਮਲਿਆਂ ਨੂੰ ਰੋਕਣ ਲਈ ਕਮਜ਼ੋਰ ਦੇਸ਼ਾਂ ਵਿੱਚ ਸੁਰੱਖਿਆ ਅਤੇ ਸਥਿਰਤਾ ਨੂੰ ਯਕੀਨੀ ਬਣਾਉਣਾ ਜਿਥੇ ਕਿ ਮਹੱਤਵਪੂਰਨ ਹੈ ਉਥੇ ਸਮੇਂ ਦੀ ਲੋੜ ਹੈ ਕਿਉਂਕਿ ਦੁਨੀਆਂ ਦੀ ਅਰਥਵਿਵਸਤਾਂ ਪੂਰੀ ਤਰ੍ਹਾਂ ਡੋਲ ਚੁਕੀ ਹੈ।


ਇਜ਼ਰਾਈਲ 'ਤੇ ਹਮਾਸ ਦੇ ਅੱਤਵਾਦੀ ਹਮਲੇ ਅਤੇ ਇਜ਼ਰਾਈਲ ਦੀ ਪ੍ਰਤੀਕਿਰਿਆ 'ਤੇ ਵੱਖ-ਵੱਖ ਦੇਸ਼ਾਂ ਦੇ ਪ੍ਰਤੀਕਰਮਾਂ ਕਾਰਨ ਵਿਸ਼ਵ ਭਾਈਚਾਰਾ ਇਕ ਵਾਰ ਫਿਰ ਵੰਡਿਆ ਜਾ ਚੁੱਕਾ ਹੈ। ਇਹ ਇਸ ਲਈ ਚਿੰਤਾਜਨਕ ਹੈ ਕਿਉਂਕਿ ਯੂਕਰੇਨ ਯੁੱਧ ਦੇ ਕਾਰਨ ਦੁਨੀਆ ਵਿੱਚ ਪਹਿਲਾਂ ਹੀ ਬਹੁਤ ਸਾਰੇ ਮੁੱਦੇ ਅਤੇ ਵੰਡਾਂ ਪੈ ਚੁਕਿਆ ਹਨ। ਇਹ ਸਮੱਸਿਆਵਾਂ ਵਿਕਾਸਸ਼ੀਲ ਅਤੇ ਵਿਕਸਤ ਦੇਸ਼ਾਂ ਦੋਵਾਂ ਨੂੰ ਚੁਣੌਤੀ ਦਿੰਦੀਆਂ ਹਨ।

ਇਜ਼ਰਾਈਲ 'ਤੇ ਹਮਾਸ ਦਾ ਇਹ ਅੱਤਵਾਦੀ ਹਮਲਾ ਵਿਸ਼ੇਸ਼ ਤੌਰ 'ਤੇ ਚਿੰਤਾਜਨਕ ਹੈ ਕਿਉਂਕਿ ਇਹ ਵਿਸ਼ਵਵਿਆਪੀ ਆਰਥਿਕਤਾ ਨਾਲ ਮੇਲ ਖਾਂਦਾ ਹੈ ਜੋ ਪਹਿਲਾਂ ਹੀ ਕੋਵਿਡ ਮਹਾਂਮਾਰੀ ਅਤੇ ਯੂਕਰੇਨ ਯੁੱਧ ਦੇ ਪ੍ਰਭਾਵਾਂ ਨਾਲ ਜੂਝ ਰਿਹਾ ਹੈ। ਕੁਝ ਦੇਸ਼ ਆਰਥਿਕ ਤੌਰ 'ਤੇ ਸੁਧਰ ਰਹੇ ਹਨ, ਪਰ ਹਰ ਪਾਸੇ ਮੰਦੀ ਅਤੇ ਮਹਿੰਗਾਈ ਦਾ ਖ਼ਤਰਾ ਹੈ। ਉਨ੍ਹਾਂ ਦੀ ਆਰਥਿਕਤਾ ਦਬਾਅ ਦਾ ਸਾਹਮਣਾ ਕਰ ਰਹੀ ਹੈ। ਪੱਛਮੀ ਏਸ਼ੀਆ ਵਿੱਚ ਸੰਘਰਸ਼ ਆਰਥਿਕ ਅਤੇ ਭੂ-ਰਾਜਨੀਤਿਕ ਅਨਿਸ਼ਚਿਤਤਾ ਨੂੰ ਵਿਗਾੜ ਦੇਵੇਗਾ। ਤੇਲ ਦੀਆਂ ਕੀਮਤਾਂ ਵਧ ਰਹੀਆਂ ਹਨ। ਇਸ ਖੇਤਰ ਵਿੱਚ ਤਣਾਅ ਅਕਸਰ ਵਿਸ਼ਵ ਪੱਧਰੀ ਤੇਲ ਦੀਆਂ ਕੀਮਤਾਂ ਨੂੰ ਪ੍ਰਭਾਵਿਤ ਕਰਦਾ ਹੈ। ਜੇਕਰ ਟਕਰਾਅ ਜਾਰੀ ਰਿਹਾ, ਤਾਂ ਤੇਲ ਬਾਜ਼ਾਰ ਨੂੰ ਨੁਕਸਾਨ ਹੋਵੇਗਾ। ਹਮਾਸ-ਇਜ਼ਰਾਈਲ ਯੁੱਧ ਦਾ ਪ੍ਰਭਾਵ ਪੱਛਮੀ ਏਸ਼ੀਆ ਤੋਂ ਬਾਹਰ ਫੈਲੇਗਾ। ਤੇਲ-ਆਯਾਤ ਕਰਨ ਵਾਲੇ ਦੇਸ਼ਾਂ ਨੂੰ ਉੱਚ ਲਾਗਤਾਂ ਦਾ ਸਾਹਮਣਾ ਕਰਨਾ ਪਵੇਗਾ, ਉਨ੍ਹਾਂ ਦੀਆਂ ਆਰਥਿਕ ਸਮੱਸਿਆਵਾਂ ਵਿਗੜਨਗੀਆਂ ਅਤੇ ਵਿਸ਼ਵ ਆਰਥਿਕ ਰਿਕਵਰੀ ਹੋਰ ਹੌਲੀ ਹੋ ਜਾਵੇਗੀ।

ਇਹ ਸਵੀਕਾਰ ਕਰਨਾ ਲਾਜ਼ਮੀ ਹੈ ਕਿ ਉਪਰੋਕਤ ਨਤੀਜੇ ਇਜ਼ਰਾਈਲ 'ਤੇ ਹਮਾਸ ਦੇ ਅਚਾਨਕ ਹਮਲੇ ਦੇ ਨਤੀਜੇ ਵਜੋਂ ਸੰਭਾਵੀ ਪ੍ਰਭਾਵਾਂ ਦੇ ਸਿਰਫ ਇੱਕ ਹਿੱਸੇ ਨੂੰ ਦਰਸਾਉਂਦੇ ਹਨ। ਸੰਭਾਵੀ ਨਤੀਜੇ ਵੱਖ-ਵੱਖ ਕਾਰਕਾਂ 'ਤੇ ਨਿਰਭਰ ਹੋਣਗੇ, ਜਿਵੇਂ ਕਿ ਹਮਲੇ ਦੀ ਸੀਮਾ, ਗਲੋਬਲ ਭਾਈਚਾਰੇ ਤੋਂ ਜਵਾਬ, ਅਤੇ ਖੇਤਰ ਵਿੱਚ ਪ੍ਰਚਲਿਤ ਰਾਜਨੀਤਿਕ ਗਤੀਸ਼ੀਲਤਾ।

ਇਹ ਧਿਆਨ ਵਿੱਚ ਰੱਖਣਾ ਮਹੱਤਵਪੂਰਨ ਹੈ ਕਿ ਹਿੰਸਾ ਦਾ ਸਹਾਰਾ ਲੈਣਾ ਕਦੇ ਵੀ ਇੱਕ ਵਿਹਾਰਕ ਹੱਲ ਨਹੀਂ ਹੈ। ਇਜ਼ਰਾਈਲ ਅਤੇ ਹਮਾਸ ਦਰਮਿਆਨ ਸੰਘਰਸ਼ ਦਾ ਸ਼ਾਂਤੀਪੂਰਨ ਹੱਲ ਲੱਭਣਾ ਲਾਜ਼ਮੀ ਹੈ ਜੋ ਮੁੱਦੇ ਦੇ ਮੂਲ ਕਾਰਨਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਬੋਧਿਤ ਕਰਦਾ ਹੈ।






LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

ASIAN FOOD CENTRE

Dussehra & Navratri SALE

www.AsianFoodCentre.com
12TH OCT TO 23TH OCT 2023
Fresh Fruits, Vegetables, Indian & Canadian Grocery

- $11.99 EA REG.$14.99 — MEERA WHOLE WHEAT ATTA
- $13.99 10LB REG.$14.99 — SHER MULTIGRAIN ATTA
- $12.99 9.07KG REG.$14.99 — QUALITY WHOLE WHEAT ATTA
- $15.99 20LB — SWARNA MULTIGRAIN ATTA
- $5.99 4LB REG.$6.99 — SHER BESAN
- $12.99 10LB REG.$14.99 — MEERA BESAN
- $6.99 750ML — GURU JI BADAM & KESHARIA THANDAI SYRUP
- $4.29 750ML — GURU JI JEERA & KHUS SYRUP
- 2 FOR $1 EA REG.$0.79 — MAGGI MASALA
- $4.49 300G REG.$4.99 — KHALSA PANEER
- $7.99 25PCS REG.$9.99 — POPULAR PARATHA
- $3.29 (960 GM)EA REG.$3.99 — POPULAR PARATHA
- $11.99 10LB REG.$13.99 — INDIA GATE ROZZANA RICE
- $1.99 400G REG.$2.99 — THAKAR HOME STYLE ASST. PARATHA
- $4.99 1 LB REG.$6.99 — ALMONDS
- $25.99 3.5LB REG.$29.99 — VERKA DESI GHEE
- $6.99 1LTR REG.$7.99 — DABUR MUSTARD OIL
- $4.29 550G REG.$4.99 — BRITANNIA CAKE RUSK
- $4.29 372G REG.$4.99 — BRITANNIA MASKA CHASKA
- 2 FOR $1 80GM REG.$0.79 — BRITANNIA NICE TIME
- $4.99 4LB REG.$6.99 — ASIAN BLACK CHANNA
- $2.49 250G REG.$3.49 — HALDIRAM SOAN PAPDI
- $1.99 60G REG.$2.99 — RESHMA BLACK/BROWN MEHNDI
- $10.99 10LB REG.$11.99 — VERKA BROWN SUGAR
- $6.99 1.7 KG REG.$8.99 — TASTY FROZEN PEAS
- $9.99 2LB REG.$12.99 — WAGHBAKRI TEA
- $1.79 1L REG.$2.99 — FROOTI
- $2.49 400GM REG.$3.99 — POPULAR SAMOSA/SPRING ROLLS
- $3.49 350G REG.$4.99 — THAKAR MATAR KULCHA
- $7.99 1.2KG REG.$9.99 — HALDIRAM FAMILY PACK NAAN
- $1.49 EA REG.$1.99 — SANTOSH NAAN
- $1.79 305GM REG.$1.99 — BRITANNIA TOASTEA SUJI RUSK
- $1.49 EXCEPT PANEER — AASHIRVAAD NAAN/PARATHA (EXCEPT PANEER)
- $2.79 EA REG.$2.99 — RUBICON ASST. JUICE
- $7.99 EA REG.$8.99 — SAVERA RASMALAI
- $4.29 EA REG.$4.99 — HALDIRAM PANI PURI
- $3.29 EA REG.$4.49 — UDUPI ASST FROZEN
- $7.99 EA REG.$8.99 — APNA TASTE RASMALAI
- $5.99 EA REG.$6.99 — APNA TASTE GULAB JAMUN
- $3.49 EA REG.$4.49 — DEEP KESAR MANGO PULP
- $3.99 EA REG.$4.99 — AAP KI PASANAD SOYA TIKKA CHAAP
- $3.99 EA REG.$4.99 — AAP KI PASANAD SOYA CHAAP
- $5.99 341GM REG.$6.99 — SAVERA KHOA

WE HAVE VARIETY OF NAVRATRI ITEMS AVAILABLE

Variety of Indian Sweets Available

ETOBICOKE: 10 Westmore Dr. 416-740-3262 (MEAT SHOP AVAILABLE)
MISSISSAUGA: 1075 Ceremonial Dr. 905-502-1600 (MEAT SHOP AVAILABLE)
BRAMPTON: 621 Wanless Dr. 905-495-3336 (MEAT SHOP AVAILABLE)
BRAMPTON: 2120 N Park Dr. 905-793-1338 (MEAT SHOP AVAILABLE)
BRAMPTON: 80 Pertosa Dr. 905-460-0009
BRAMPTON: 40 Airport RD & Lacoste Blvd. 905-794-8109 (MEAT SHOP AVAILABLE)
BRAMPTON: 10510 Torbram Rd. 905-790-0030
BRAMPTON: 10 Pannahill Dr. 905-913-8017 (MEAT SHOP AVAILABLE)
TOLL FREE 1-800-708-9232

We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media